ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 21 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਬਿਕਰਮ ਮਜੀਠੀਆ ਨੂੰ ਨਹੀਂ ਮਿਲੀ ਰਾਹਤ, ਅਦਾਲਤ ਨੇ 4 ਅਕਤੂਬਰ ਤੱਕ ਵਧਾਈ ਨਿਆਂਇਕ ਹਿਰਾਸਤ

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-



ਅਕਾਲੀ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਮਾਮਲੇ ਦੀ ਸੁਣਵਾਈ ਅੱਜ ਮੋਹਾਲੀ ਅਦਾਲਤ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਹੋਈ। ਇਸ ਦੌਰਾਨ ਅਦਾਲਤ ਨੇ ਉਨ੍ਹਾਂ ਦੀ 14 ਦਿਨਾਂ ਦੀ ਨਿਆਂਇਕ ਹਿਰਾਸਤ ਵਧਾ ਦਿੱਤੀ ਹੈ ਭਾਵ ਕਿ ਉਹ ਹੁਣ 4 ਅਕਤੂਬਰ ਤੱਕ ਨਿਆਂਇਕ ਹਿਰਾਸਤ ਵਿੱਚ ਰਹਿਣਗੇ। ਜ਼ਿਕਰ ਕਰ ਦਈਏ ਕਿ ਮਜੀਠੀਆ ਨੂੰ ਵਿਜੀਲੈਂਸ ਬਿਊਰੋ ਨੇ 25 ਜੂਨ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਸੀ। ਉਨ੍ਹਾਂ 'ਤੇ ਆਪਣੀ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦਾ ਦੋਸ਼ ਹੈ। ਇਸ ਤੋਂ ਪਹਿਲਾਂ 2021 ਵਿੱਚ, ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ, ਮਜੀਠੀਆ ਵਿਰੁੱਧ ਐਨਡੀਪੀਐਸ ਐਕਟ ਤਹਿਤ ਵੀ ਕੇਸ ਦਰਜ ਕੀਤਾ ਗਿਆ ਸੀ।

## ਉਡਾਣਾਂ ਰੱਦ, ਫਸੇ ਹਜ਼ਾਰਾਂ ਯਾਤਰੀ

# ਯੂਰੋਪ ਦੇ ਕਈ ਹਵਾਈ ਅੱਡਿਆਂ 'ਤੇ ਸਾਈਬਰ ਅਟੈਕ

**ਨਵੀਂ ਦਿੱਲੀ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਵਾਈ ਅੱਡਿਆਂ 'ਤੇ ਸ਼ਨੀਵਾਰ (20 ਸਤੰਬਰ, 2025) ਨੂੰ ਕਈ ਪ੍ਰਮੁੱਖ ਯੂਰਪੀਅਨ ਯਾਤਰੀਆਂ ਨੂੰ ਕਾਫ਼ੀ ਰੁਕਾਵਟ ਦਾ ਸਾਹਮਣਾ ਕਰਨਾ ਪਿਆ ਜਦੋਂ ਇੱਕ ਸਾਈਬਰ ਹਮਲੇ



ਨੇ ਚੈੱਕ-ਇਨ ਅਤੇ ਬੋਰਡਿੰਗ ਪ੍ਰਣਾਲੀਆਂ ਨੂੰ ਠੱਪ ਕਰ ਦਿੱਤਾ। ਇਹ ਹਮਲਾ ਖਾਸ ਤੌਰ 'ਤੇ ਲੰਡਨ ਹੀਥਰੋ, ਬ੍ਰਸੇਲਜ਼ ਅਤੇ ਬਰਲਿਨ ਹਵਾਈ ਅੱਡਿਆਂ 'ਤੇ ਗੰਭੀਰ ਸੀ, ਜਿੱਥੇ ਉਡਾਣਾਂ ਵਿੱਚ ਦੇਰੀ ਅਤੇ ਰੱਦ ਹੋਣ ਨਾਲ ਹਜ਼ਾਰਾਂ ਯਾਤਰੀ ਪ੍ਰਭਾਵਿਤ ਹੋਏ। ਸਾਈਬਰ ਹਮਲੇ ਨੇ ਕੋਲਿਨਸ ਏਅਰੋਸਪੇਸ ਦੀਆਂ ਸੇਵਾਵਾਂ ਨੂੰ ਪ੍ਰਭਾਵਿਤ ਕੀਤਾ, ਜੋ ਦੁਨੀਆ ਭਰ ਦੀਆਂ ਏਅਰਲਾਈਨਾਂ ਅਤੇ ਹਵਾਈ ਅੱਡਿਆਂ ਨੂੰ ਚੈੱਕ-ਇਨ ਅਤੇ ਬੋਰਡਿੰਗ ਸਿਸਟਮ ਪ੍ਰਦਾਨ ਕਰਦੀ ਹੈ। ਕੰਪਨੀ ਨੇ ਪੁਸ਼ਟੀ ਕੀਤੀ ਕਿ ਤਕਨੀਕੀ ਖਰਾਬੀ ਸਾਈਬਰ ਹਮਲੇ ਨਾਲ ਸਬੰਧਤ ਸੀ ਅਤੇ ਕਿਹਾ ਕਿ ਉਨ੍ਹਾਂ ਦੀ ਟੀਮ ਇਸ ਮੁੱਦੇ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਕੰਮ ਕਰ ਰਹੀ ਹੈ। ਲੰਡਨ ਦੇ ਹੀਥਰੋ ਹਵਾਈ ਅੱਡੇ ਨੇ ਯਾਤਰੀਆਂ ਨੂੰ ਚੇਤਾਵਨੀ ਦਿੱਤੀ ਕਿ ਰਵਾਨਗੀ ਵਿੱਚ ਦੇਰੀ ਦਾ ਸੰਭਾਵਨਾ ਹੈ ਅਤੇ ਲੋਕਾਂ ਨੂੰ ਆਪਣੀਆਂ ਉਡਾਣਾਂ ਦੀ ਸਥਿਤੀ ਦੀ ਲਗਾਤਾਰ ਜਾਂਚ ਕਰਨ ਦੀ ਅਪੀਲ ਕੀਤੀ। ਬ੍ਰਸੇਲਜ਼ ਹਵਾਈ ਅੱਡੇ 'ਤੇ ਆਟੋਮੈਟਿਡ ਚੈੱਕ-ਇਨ ਅਤੇ ਬੋਰਡਿੰਗ ਪੂਰੀ ਤਰ੍ਹਾਂ ਬੰਦ ਕਰ ਦਿੱਤੀ ਗਈ ਸੀ, ਜਿਸ ਕਾਰਨ ਸਟਾਫ ਨੂੰ ਯਾਤਰੀਆਂ ਨੂੰ ਹੱਥੀਂ ਪ੍ਰਕਿਰਿਆ ਕਰਨੀ ਪਈ। ਹਵਾਈ ਅੱਡਾ ਪ੍ਰਸ਼ਾਸਨ ਨੇ ਮੰਨਿਆ ਕਿ ਇਸ ਦਾ ਸਿੱਧਾ ਅਸਰ ਉਡਾਣ ਦੇ ਸਮਾਂ-ਸਾਰਣੀ 'ਤੇ ਪਿਆ ਹੈ ਅਤੇ ਨਤੀਜੇ ਵਜੋਂ ਕਈ ਉਡਾਣਾਂ ਰੱਦ ਕੀਤੀਆਂ ਗਈਆਂ ਹਨ। ਇਸੇ ਤਰ੍ਹਾਂ, ਬਰਲਿਨ ਹਵਾਈ ਅੱਡੇ ਨੇ ਆਪਣੀ ਵੈੱਬਸਾਈਟ 'ਤੇ ਇੱਕ ਨੋਟਿਸ ਪੋਸਟ ਕੀਤਾ ਹੈ ਜਿਸ ਵਿੱਚ ਕਿਹਾ ਗਿਆ ਹੈ ਕਿ ਤਕਨੀਕੀ ਸਮੱਸਿਆ ਕਾਰਨ ਯਾਤਰੀਆਂ ਨੂੰ ਲੰਬੇ ਚੈੱਕ-ਇਨ ਸਮੇਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਪਰ ਸਮੱਸਿਆ ਨੂੰ ਜਲਦੀ ਹੱਲ ਕਰਨ ਲਈ ਯਤਨ ਜਾਰੀ ਹਨ। ਇਸ ਦੌਰਾਨ, ਕੁਝ ਪ੍ਰਮੁੱਖ ਯੂਰਪੀਅਨ ਹਵਾਈ ਅੱਡਿਆਂ ਨੇ ਰਾਹਤ ਦੀ ਖ਼ਬਰ ਦਿੱਤੀ। ਜਰਮਨੀ ਦੇ ਫ੍ਰੈਂਕਫਰਟ ਹਵਾਈ ਅੱਡੇ ਅਤੇ ਸਵਿਟਜ਼ਰਲੈਂਡ ਦੇ ਜ਼ਿਊਰਿਖ ਹਵਾਈ ਅੱਡੇ ਨੇ ਆਮ ਤੌਰ 'ਤੇ ਕੰਮ ਕਰਨਾ ਜਾਰੀ ਰੱਖਿਆ ਅਤੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀਆਂ ਸੇਵਾਵਾਂ ਹਮਲੇ ਤੋਂ ਪ੍ਰਭਾਵਿਤ ਨਹੀਂ ਹੋਈਆਂ ਹਨ। ਪੋਲੈਂਡ ਦੇ ਉਪ ਪ੍ਰਧਾਨ ਮੰਤਰੀ ਅਤੇ ਡਿਜੀਟਲ ਮਾਮਲਿਆਂ ਦੇ ਮੰਤਰੀ, ਕ੍ਰਜ਼ੀਸਟੋਫ ਗਾਵੋਵਸਕੀ ਨੇ ਵੀ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਉਨ੍ਹਾਂ ਦੇ ਦੇਸ਼ ਦੇ ਹਵਾਈ ਅੱਡੇ ਖਤਰੇ ਵਿੱਚ ਨਹੀਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਪੋਲਿਸ਼ ਅਧਿਕਾਰੀ ਹੋਰ ਯੂਰਪੀਅਨ ਦੇਸ਼ਾਂ ਦੇ ਸੰਪਰਕ ਵਿੱਚ ਹਨ।

## ਕਰੋੜਾਂ ਦੀ ਆਨਲਾਈਨ ਸੱਟੇਬਾਜ਼ੀ ਦਾ ਪਰਦਾਫਾਸ਼, ਪੰਜਾਬ-ਚੰਡੀਗੜ੍ਹ ਦੇ ਵੱਡੇ ਅਫ਼ਸਰਾਂ 'ਤੇ ਡਿੱਗ ਸਕਦੀ ਹੈ ਗਾਜ਼ !

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਨਲਾਈਨ ਸੱਟੇਬਾਜ਼ੀ ਦੇ ਮਾਮਲੇ 'ਚ ਆਮਦਨ ਟੈਕਸ



ਵਿਭਾਗ ਵਲੋਂ ਪੰਜਾਬ ਸਣੇ ਕਈ ਸੂਬਿਆਂ 'ਚ ਵੱਡੀ ਕਾਰਵਾਈ ਕੀਤੀ ਗਈ ਹੈ। ਵਿਭਾਗ ਵਲੋਂ ਪੰਜਾਬ, ਚੰਡੀਗੜ੍ਹ, ਹਰਿਆਣਾ ਅਤੇ ਹਿਮਾਚਲ 'ਚ ਛਾਪਾ ਮਾਰਿਆ ਗਿਆ ਹੈ। ਸੂਤਰਾਂ ਦੇ ਹਵਾਲੇ ਤੋਂ ਪਤਾ ਲੱਗਿਆ ਹੈ ਕਿ 500-600 ਕਰੋੜ ਰੁਪਏ ਦੇ ਆਨਲਾਈਨ ਸੱਟੇਬਾਜ਼ੀ ਰੈਕਟ ਦਾ ਪਰਦਾਫਾਸ਼ ਕੀਤਾ ਗਿਆ ਹੈ। ਮੀਡੀਆ ਰਿਪੋਰਟਾਂ ਦੇ ਮੁਤਾਬਕ ਇਸ ਰੈਕਟ 'ਚ ਪੰਜਾਬ ਅਤੇ ਚੰਡੀਗੜ੍ਹ ਦੇ ਕਈ ਵੱਡੇ ਅਫ਼ਸਰਾਂ ਦਾ ਵੀ ਨਾਮ ਆ ਰਿਹਾ ਹੈ। ਇਸ ਤਰ੍ਹਾਂ ਉਕਤ ਅਫ਼ਸਰਾਂ 'ਤੇ ਵੱਡੀ ਗਾਜ਼ ਡਿੱਗ ਸਕਦੀ ਹੈ। ਇਹ ਵੀ ਪਤਾ ਲੱਗਾ ਹੈ ਕਿ ਇਹ ਅਫ਼ਸਰ ਸੱਟੇ ਦੀ ਕਮਾਈ 'ਚੋਂ ਹਿੱਸਾ ਲੈਂਦੇ ਸਨ। ਉਕਤ ਅਫ਼ਸਰਾਂ 'ਚ ਐੱਸ. ਪੀ. ਤੋਂ ਲੈ ਕੇ ਐੱਸ. ਐੱਸ. ਪੀ. ਰੈਂਕ ਦੇ ਅਧਿਕਾਰੀ ਸ਼ਾਮਲ ਹਨ। ਇਹ ਵੀ ਮੰਨਿਆ ਜਾ ਰਿਹਾ ਹੈ ਕਿ ਆਮਦਨ ਟੈਕਸ ਵਿਭਾਗ ਵਲੋਂ ਜਲਦੀ ਹੀ ਪੁੱਛਗਿੱਛ ਕਰਨ ਲਈ ਇਨ੍ਹਾਂ ਅਫ਼ਸਰਾਂ ਨੂੰ ਨੋਟਿਸ ਭੇਜੇ ਜਾਣਗੇ। ਸੂਤਰਾਂ ਦੇ ਮੁਤਾਬਕ ਇਹ ਸੱਟੇਬਾਜ਼ੀ ਰੈਕਟ ਦੁਬਈ ਅਤੇ ਜਾਰਜੀਆ ਤੋਂ ਚੱਲ ਰਿਹਾ ਸੀ ਅਤੇ ਇਸ ਨੂੰ ਲੈ ਕੇ ਆਮਦਨ ਟੈਕਸ ਵਿਭਾਗ ਵਲੋਂ ਅੱਜ ਚੰਡੀਗੜ੍ਹ 'ਚ ਵੀ ਛਾਪੇਮਾਰੀ ਕੀਤੀ ਗਈ ਹੈ। ਫਿਲਹਾਲ ਜਾਂਚ ਤੋਂ ਬਾਅਦ ਹੀ ਪੂਰੀ ਸੱਚਾਈ ਦਾ ਪਤਾ ਲੱਗ ਸਕੇਗਾ।

## ਪੰਜਾਬ ਸਰਕਾਰ ਨੇ ਮੁੜ ਚੁੱਕਿਆ ਇੱਕ ਹਜ਼ਾਰ ਕਰੋੜ ਦਾ ਕਰਜ਼ਾ; ਸਰਕਾਰ ਵੱਲੋਂ ਐਸਡੀਐਲ ਬਾਂਡ ਕੀਤੇ ਗਏ ਜਾਰੀ

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇੱਕ ਪਾਸੇ ਜਿੱਥੇ ਪਹਿਲਾਂ ਹੀ ਪੰਜਾਬ ਸਰਕਾਰ ਕਰਜ਼ੇ ਦੇ ਭਾਰ ਹੇਠ ਹੈ। ਇਸ ਦੇ ਦੂਜੇ ਪਾਸੇ ਇੱਕ ਵਾਰ ਫੇਰ ਤੋਂ ਪੰਜਾਬ ਸਰਕਾਰ ਕਰਜ਼ਾ



ਲਿਆ ਹੈ।ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਨੇ ਮਾਰਕਿਟ 'ਚੋਂ ਇੱਕ ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਚੁੱਕਿਆ ਹੈ। ਕਰਜ਼ਾ ਲੈਣ ਲਈ ਪੰਜਾਬ ਸਰਕਾਰ ਨੇ ਐਸਡੀਐਲ ਵੀ ਜਾਰੀ ਕੀਤੇ ਹਨ। ਇਸ ਕਰਜ਼ੇ ਨੂੰ ਪੰਜਾਬ ਸਰਕਾਰ ਸਾਲ 2033 ਤੱਕ ਵਾਪਿਸ ਕਰੇਗੀ। 18 ਸਤੰਬਰ ਨੂੰ ਹੀ ਨੋਟੀਫਿਕੇਸ਼ਨ ਜਾਰੀ ਕਰਦਿਆਂ 6.98 ਫੀਸਦ ਦੀ ਦਰ ਨਾਲ ਐਸਡੀਐਲ ਜਾਰੀ ਕੀਤਾ ਹੈ। ਦੱਸ ਦਈਏ ਕਿ ਪੰਜਾਬ ਸਰਕਾਰ ਵੱਲੋਂ ਖਜਾਨੇ ਦੀ ਹਾਲਤ ਮਾੜੀ ਨਾ ਹੋਣ ਦਾ ਦਾਅਵਾ ਕਰਨ ਦੇ - ਬਾਵਜੂਦ ਸਰਕਾਰ ਪਿਛਲੇ 6 ਮਹੀਨਿਆਂ ਤੋਂ ਲਗਾਤਾਰ ਹਰ ਮਹੀਨੇ - ਕਰਜ਼ਾ ਚੁੱਕਦੀ ਨਜ਼ਰ ਆ ਰਹੀ ਹੈ। 18 ਸਤੰਬਰ ਨੂੰ ਹੀ ਨੋਟੀਫਿਕੇਸ਼ਨ ਜਾਰੀ ਕਰਦੇ ਹੋਏ 6.98 ਫੀਸਦੀ ਦਰ ਨਾਲ ਐਸਡੀਐਲ ਜਾਰੀ ਕੀਤਾ ਗਿਆ ਹੈ, ਇਸ ਨਾਲ ਪੰਜਾਬ ਸਰਕਾਰ ਵਲੋਂ ਮਾਰਕਿਟ ਵਿੱਚੋਂ ਇੱਕ ਹਜ਼ਾਰ ਕਰੋੜ ਰੁਪਏ ਦਾ ਕਰਜ਼ੇ ਲਿਆ ਹੈ। ਪੰਜਾਬ ਸਰਕਾਰ ਵੱਲੋਂ ਇਸ ਕਰਜ਼ੇ ਦੀ ਵਾਪਸੀ ਅਗਲੇ 8 ਸਾਲਾਂ ਦੌਰਾਨ ਕੀਤੀ ਜਾਣੀ ਹੈ ਅਤੇ 29 ਸਤੰਬਰ 2033 ਤੱਕ ਇਸ ਕਰਜ਼ੇ ਦੀ ਵਾਪਸੀ ਕੀਤੀ ਜਾਣੀ ਹੈ।

## ਮਾਧੋਪੁਰ ਹੈੱਡ ਵਰਕਸ ਦੇ ਗੇਟ ਟੁੱਟਣ ਮਾਮਲੇ 'ਚ ਸਰਕਾਰ ਦੀ ਵੱਡੀ ਕਾਰਵਾਈ: 3 ਅਧਿਕਾਰੀ ਮੁਅੱਤਲ

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਪੰਜਾਬ 'ਚ ਆਏ ਭਿਆਨਕ ਹੜ੍ਹਾਂ ਕਾਰਨ ਵੱਡੀ ਲਾਪਰਵਾਹੀ ਸਾਹਮਣੇ ਆਈ ਹੈ। ਪਠਾਨਕੋਟ ਦੇ ਮਾਧੋਪੁਰ ਹੈੱਡਵਰਕਸ ਦਾ ਗੇਟ ਟੁੱਟ ਜਾਣ ਨਾਲ ਸਥਿਤੀ ਹੋਰ ਖਰਾਬ ਹੋ ਗਈ ਸੀ। ਇਸ ਮਾਮਲੇ ਵਿੱਚ ਸਿੰਚਾਈ ਵਿਭਾਗ ਨੇ ਵੱਡੀ ਕਾਰਵਾਈ ਕਰਦਿਆਂ ਤਿੰਨ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਹੈ। ਵਿਭਾਗ ਵੱਲੋਂ ਐਕਸੀਅਨ ਨਿਤਿਨ ਸੂਦ, ਐਸਡੀਓ ਅਰੁਣ ਕੁਮਾਰ ਅਤੇ ਜੇ.ਈ ਸਚਿਨ ਠਾਕੁਰ ਨੂੰ ਤੁਰੰਤ ਪ੍ਰਭਾਵ ਨਾਲ ਸਸਪੈਂਡ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਇਹ ਨੋਟੀਫਿਕੇਸ਼ਨ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਜਾਰੀ ਕੀਤਾ ਗਿਆ।

ਜ਼ਿਕਰਯੋਗ ਹੈ ਕਿ 27 ਅਗਸਤ ਨੂੰ ਮਾਧੋਪੁਰ ਹੈੱਡਵਰਕਸ ਦਾ ਇੱਕ ਗੇਟ ਟੁੱਟ ਗਿਆ ਸੀ। ਮੁਰੰਮਤ ਦੌਰਾਨ ਲਗਭਗ 50 ਲੋਕ ਪਾਣੀ ਵਿੱਚ ਫਸ ਗਏ ਸਨ ਜਿਨ੍ਹਾਂ ਨੂੰ 49 ਨੂੰ ਮੌਕੇ 'ਤੇ ਬਚਾ ਲਿਆ ਗਿਆ ਸੀ ਪਰ ਇਸ ਘਟਨਾ ਵਿਚ ਇਕ ਵਿਅਕਤੀ ਦੀ ਜਾਨ ਚਲੀ ਗਈ ਸੀ ਅਤੇ ਉਸਦੀ ਲਾਸ਼ 28 ਅਗਸਤ ਨੂੰ ਮਿਲੀ ਸੀ

## ਦਿੱਲੀ ਬੀਐਮਡਬਲਿਊ ਹਾਦਸੇ ਦੀ ਆਰੋਪੀ ਗਗਨਪ੍ਰੀਤ ਕੌਰ ਨੂੰ ਨਹੀਂ ਮਿਲੀ ਕੋਈ ਰਾਹਤ, ਸੁਣਵਾਈ 24 ਸਤੰਬਰ ਤੱਕ ਮੁਲਤਵੀ

**ਨਵੀਂ ਦਿੱਲੀ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ BMW ਕਾਰ ਹਾਦਸੇ ਦੀ ਦੋਸ਼ੀ ਗਗਨਪ੍ਰੀਤ ਕੌਰ ਨੂੰ ਫਿਲਹਾਲ ਕੋਈ ਰਾਹਤ ਮਿਲਦੀ ਨਜ਼ਰ ਨਹੀਂ ਆ ਰਹੀ ਹੈ। ਅਦਾਲਤ ਨੇ ਉਸਦੀ ਜ਼ਮਾਨਤ ਪਟੀਸ਼ਨ 'ਤੇ



ਸੁਣਵਾਈ 24 ਸਤੰਬਰ ਤੱਕ ਮੁਲਤਵੀ ਕਰ ਦਿੱਤੀ ਹੈ। ਦਿੱਲੀ ਪੁਲਿਸ ਨੇ ਹਾਦਸੇ ਦੀ ਸੀਸੀਟੀਵੀ ਫੁਟੇਜ ਬਾਰੇ ਵੀ ਇੱਕ ਮਹੱਤਵਪੂਰਨ ਅਪਡੇਟ ਦਿੱਤਾ ਹੈ। ਸੁਣਵਾਈ ਦੌਰਾਨ ਦਿੱਲੀ ਪੁਲਿਸ ਦੀ ਨੁਮਾਇੰਦਗੀ ਕਰ ਰਹੇ ਐਸਪੀਪੀ ਅਤੁਲ ਸ਼੍ਰੀਵਾਸਤਵ ਨੇ ਦੱਸਿਆ ਕਿ ਹਾਦਸੇ ਵਾਲੇ ਪਿੱਲਰ ਨੰਬਰ 65 ਅਤੇ 67 'ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਜ਼ਬਤ ਕਰ ਲਈ ਗਈ ਹੈ। ਹਾਲਾਂਕਿ, ਦੋਸ਼ੀ ਦਾ ਮੋਬਾਈਲ ਫੋਨ ਅਤੇ ਡਰਾਈਵਿੰਗ ਲਾਇਸੈਂਸ ਅਜੇ ਤੱਕ ਬਰਾਮਦ ਨਹੀਂ ਕੀਤਾ ਗਿਆ ਹੈ। ਗਗਨਪ੍ਰੀਤ ਕੌਰ ਦੇ ਵਕੀਲ ਪ੍ਰਦੀਪ ਰਾਣਾ ਨੇ ਅਦਾਲਤ ਨੂੰ ਦੱਸਿਆ ਕਿ ਮੋਬਾਈਲ ਫੋਨ ਅਤੇ ਡਰਾਈਵਿੰਗ ਲਾਇਸੈਂਸ ਪਰਿਵਾਰ ਕੋਲ ਹਨ ਅਤੇ ਜਲਦੀ ਹੀ ਪੁਲਿਸ ਨੂੰ ਸੌਂਪ ਦਿੱਤੇ ਜਾਣਗੇ। ਵਕੀਲ ਨੇ ਇਹ ਵੀ ਕਿਹਾ ਕਿ ਦੋਸ਼ੀ ਦਾ ਮੋਬਾਈਲ ਫੋਨ ਉਨ੍ਹਾਂ ਦੇ ਹੱਕ ਵਿੱਚ ਸਬੂਤ ਹੈ, ਕਿਉਂਕਿ ਇਹ ਫੋਨ ਤੋਂ ਹੀ ਹਸਪਤਾਲ ਅਤੇ ਪੀਸੀਆਰ ਨੂੰ ਕਾਲਾਂ ਕੀਤੀਆਂ ਗਈਆਂ ਸਨ। ਅਦਾਲਤ ਨੇ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀ ਤੋਂ ਪੁੱਛਗਿੱਛ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਮਾਮਲੇ ਵਿੱਚ ਜ਼ਮਾਨਤ 'ਤੇ ਅਗਲੀ ਸੁਣਵਾਈ 24 ਸਤੰਬਰ ਨੂੰ ਹੋਵੇਗੀ। ਇਹ ਹਾਦਸਾ 14 ਸਤੰਬਰ ਨੂੰ ਧੌਲਾ ਕੁਆਂ ਮੈਟਰੋ ਸਟੇਸ਼ਨ ਨੇੜੇ ਵਾਪਰਿਆ ਸੀ। ਐਤਵਾਰ ਨੂੰ ਦਿੱਲੀ ਦੇ ਧੌਲਾ ਕੂਆਂ ਨੇੜੇ ਇੱਕ ਬੀ.ਐਮ.ਡਬਲਯੂ ਕਾਰ ਨੇ ਇੱਕ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਸੀ। ਇਸ ਹਾਦਸੇ 'ਚ ਵਿੱਤ ਮੰਤਰਾਲੇ ਦੇ ਇੱਕ ਅਧਿਕਾਰੀ ਨਵਜੋਤ ਸਿੰਘ ਦੀ ਮੌਤ ਹੋ ਗਈ, ਜਦੋਂ ਕਿ ਉਸਦੀ ਪਤਨੀ ਸੰਦੀਪ ਕੌਰ ਗੰਭੀਰ ਜ਼ਖਮੀ ਹੋ ਗਈ। ਉਹ ਗੁਰਦੁਆਰਾ ਬੰਗਲਾ ਸਾਹਿਬ ਦੇ ਦਰਸ਼ਨਾਂ ਤੋਂ ਵਾਪਸ ਆ ਰਹੇ ਸਨ। ਗਗਨਪ੍ਰੀਤ ਕੌਰ 'ਤੇ ਦੋਸ਼ ਹੈ ਕਿ ਉਹ BMW ਚਲਾ ਰਹੀ ਸੀ। ਦਿੱਲੀ ਪੁਲਿਸ ਨੇ ਗਗਨਪ੍ਰੀਤ ਨੂੰ 15 ਸਤੰਬਰ ਨੂੰ ਗ੍ਰਿਫ਼ਤਾਰ ਕੀਤਾ ਸੀ। ਉਸ 'ਤੇ ਕਤਲ ਨਾ ਹੋਣ ਵਾਲੇ ਗੈਰ-ਇਰਾਦਤਨ ਕਤਲ, ਤੇਜ਼ ਰਫ਼ਤਾਰ ਨਾਲ ਗੱਡੀ ਚਲਾਉਣ ਅਤੇ ਸਬੂਤ ਨਸ਼ਟ ਕਰਨ ਦੇ ਆਰੋਪ ਹਨ। ਪੁਲਿਸ ਨੇ ਭਾਰਤੀ ਦੰਡ ਵਿਧਾਨ ਦੀਆਂ ਧਾਰਾਵਾਂ 281 (ਰੈਸ਼ ਡਰਾਈਵਿੰਗ), 1252 (ਦੂਜੇ ਦੀ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੇ ਕੰਮ ਕਰਕੇ ਸੱਟ ਪਹੁੰਚਾਉਣਾ), 105 (ਸਬੂਤ ਨਸ਼ਟ ਕਰਨਾ) ਅਤੇ 238 (ਸਬੂਤ ਨਸ਼ਟ ਕਰਨਾ) ਤਹਿਤ ਕੇਸ ਦਰਜ ਕੀਤਾ ਹੈ। ਗਗਨਪ੍ਰੀਤ ਕੌਰ 27 ਸਤੰਬਰ ਤੱਕ ਨਿਆਂਇਕ ਹਿਰਾਸਤ ਵਿੱਚ ਰਹੇਗੀ। ਸ਼ਿਕਾਇਤਕਰਤਾ ਦੇ ਵਕੀਲ ਅਤੁਲ ਕੁਮਾਰ ਨੇ ਮਾਮਲੇ ਦੇ ਵੇਰਵੇ ਪ੍ਰਦਾਨ ਕਰਦੇ ਹੋਏ ਕਿਹਾ ਕਿ ਜ਼ਮਾਨਤ ਦੀ ਸੁਣਵਾਈ ਬੁੱਧਵਾਰ 24 ਸਤੰਬਰ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਇਹ ਮੁਲਤਵੀ ਇਸ ਲਈ ਕੀਤੀ ਗਈ ਕਿਉਂਕਿ ਦਿੱਲੀ ਪੁਲਿਸ ਨੂੰ ਮਾਮਲੇ ਦੀ ਜਾਂਚ ਲਈ ਹੋਰ ਸਮਾਂ ਚਾਹੀਦਾ ਹੈ ਅਤੇ ਬੇਨਤੀ ਕੀਤੀ ਗਈ ਸੀ ਕਿ ਕੁਝ ਜ਼ਰੂਰੀ ਜਾਂਚਾਂ ਪੂਰੀਆਂ ਹੋਣ ਤੋਂ ਬਾਅਦ ਜ਼ਮਾਨਤ ਦੀ ਸੁਣਵਾਈ ਕਰਨਾ ਬੇਹਤਰ ਹੋਵੇਗਾ। ਅਦਾਲਤ ਨੇ ਸਹਿਮਤੀ ਪ੍ਰਗਟਾਈ ਅਤੇ ਮਾਮਲੇ ਦੀ ਸੁਣਵਾਈ ਬੁੱਧਵਾਰ ਨੂੰ ਤੈਅ ਕੀਤੀ ਗਈ ਹੈ। ਮ੍ਰਿਤਕ ਪੀੜਤ ਦੀ ਪਤਨੀ ਅਜੇ ਵੀ ਹਸਪਤਾਲ ਵਿੱਚ ਦਾਖਲ ਹੈ।

## ਭਾਈ ਕਪਤਾਨ ਸਿੰਘ ਯੂ ਕੇ ਉੱਤੇ ਹਮਲਾ ਅਤਿਅੰਤ ਨਿੰਦਣਯੋਗ : ਭਾਈ ਕੁਲਵਿੰਦਰ ਸਿੰਘ ਅਰਦਾਸੀਆ







ਅੱਜ ਫੇਸਬੁਕ ਤੇ ਭਾਈ ਕਪਤਾਨ ਸਿੰਘ ਯੂ ਕੇ ਉੱਤੇ ਹੋਏ ਹਮਲੇ ਦੀ ਖ਼ਬਰ ਸੁਣ ਕੇ ਮਨ ਨੂੰ ਬਹੁਤ ਦੁੱਖ ਲੱਗਾ ਕਿ ਆਪਣੇ ਚੈਨਲ ਤੇ ਸਿੱਖਾਂ ਦੇ ਹੱਕਾਂ ਦੀ ਗੱਲ ਕਰਨ ਵਾਲੇ ਵੀਰ ਤੇ ਸਿੱਖਾਂ ਵੱਲੋਂ ਹੀ ਹਮਲਾ ਹੋਇਆ ਸਮਝ ਨਹੀਂ ਆ ਰਹੀ ਕਿ ਇੱਕ ਪਾਸੇ ਤਾਂ ਸਿੱਖ ਆਪਣੇ ਧਾਰਮਿਕ ਚਿੰਨ੍ਹਾਂ ਦਸਤਾਰ ਅਤੇ ਕਿਰਪਾਨ ਕਕਾਰਾਂ ਦੀ ਲੜਾਈ ਫਰਾਸ਼ ਅਤੇ ਹੋਰ ਦੇਸ਼ਾਂ ਨਾਲ ਲੜ ਰਹੇ ਹਨ ਦੂਜੇ ਪਾਸੇ ਸਿੱਖ ਹੀ ਸਿੱਖਾਂ ਦੀਆਂ ਦਸਤਾਰਾਂ ਲਾਉਣ ਲੱਗ ਪਏ ਨੇ ਜੋਂ ਬਹੁਤ ਮੰਦਭਾਗਾ ਹੈ ਵਾਹਿਗੁਰੂ ਜੀ ਸਾਨੂੰ ਸਾਰਿਆਂ ਨੂੰ ਸੁਮੱਤਿ ਬਖਸ਼ਣ।

**-ਭਾਈ ਕੁਲਵਿੰਦਰ ਸਿੰਘ ਅਰਦਾਸੀਆ**

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।




## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ


ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ – 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Sanjay Foods
Mirch Masala
HSBC
Night Pharmacy
Ladlee Direct
Ross Walk Launderette
Shiva Shakti Foods
Chai Paani
Cossington Recreation ground
Roopkala Beauty Salon
Heena Tailor
Hyderabad Wala - Leicester
Belgrave Neighbourhood Centre
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America -+1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ

☛ ਜੋਤੀ ਜੋਤ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ☛ ਸਲਾਨਾ ਬਰਸੀ ਭਾਈ ਘਨਈਆ ਜੀ ਸ਼੍ਰੀ ਅਨੰਦਪੁਰ ਸਾਹਿਬ ਜੀ।



**ਸ਼ਨਿੱਚਰਵਾਰ 20 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 21 ਸਤੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਂਗੀ ਭਾਈ ਗੁਰਵਿੰਦਰ ਸਿੰਘ ਰੈਸੋ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਹਲਕੇ ਵਿੱਚ ਕਰੀਬ

# 13 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੇ ਰੱਖੇ ਨੀਂਹ ਪੱਥਰ ਅਤੇ ਕੀਤੇ ਉਦਘਾਟਨ






**ਸੁਨਾਮ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਸੁਨਾਮ ਹਲਕੇ ਵਿੱਚ ਕਰੀਬ 13 ਕਰੋੜ ਰੁਪਏ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖੇ, ਜਿਨ੍ਹਾਂ ਨਾਲ ਸਿੱਖਿਆ, ਪੇਂਡੂ ਬੁਨਿਆਦੀ ਢਾਂਚੇ ਅਤੇ ਨਾਗਰਿਕ ਸਹੂਲਤਾਂ ਨੂੰ ਵੱਡਾ ਹੁਲਾਰਾ ਮਿਲੇਗਾ।ਸਰਕਾਰੀ ਪ੍ਰਾਇਮਰੀ ਸਕੂਲ (ਲੜਕੇ), ਸੁਨਾਮ ਵਿਖੇ, ਕੈਬਨਿਟ ਮੰਤਰੀ ਨੇ ਕਰੀਬ 38.20 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾਣ ਵਾਲੇ ਚਾਰ ਨਵੇਂ ਕਲਾਸਰੂਮਾਂ ਦਾ ਨੀਂਹ ਪੱਥਰ ਰੱਖਿਆ। ਜਖੇਪਲ ਚੌਵਾਸ ਵਿਖੇ, ਉਨ੍ਹਾਂ ਨੇ ਕਰੀਬ 62.50 ਲੱਖ ਦੀ ਲਾਗਤ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਬਣਾਏ ਕਲਾਸਰੂਮਾਂ ਦਾ ਉਦਘਾਟਨ ਕੀਤਾ, ਅਤੇ ਇਸੇ ਪਿੰਡ ਵਿੱਚ ਕਰੀਬ 31.66 ਲੱਖ ਦੀ ਲਾਗਤ ਨਾਲ ਬਣਨ ਵਾਲੇ ਅਨਾਜ ਮੰਡੀ ਦੇ ਸ਼ੈੱਡ ਦਾ ਨੀਂਹ ਪੱਥਰ ਵੀ ਰੱਖਿਆ। ਚੀਮਾ ਮੰਡੀ (ਬੱਲੋਂ ਪੱਤੀ) ਵਿਖੇ, ਕੈਬਨਿਟ ਮੰਤਰੀ ਨੇ ਕਰੀਬ 19.10 ਲੱਖ ਦੀ ਲਾਗਤ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਦੋ ਕਲਾਸਰੂਮਾਂ ਦਾ ਨੀਂਹ ਪੱਥਰ ਰੱਖਿਆ ਅਤੇ ਸੁਨਾਮ ਰੋਡ ਪਿੰਡੀ ਵਿਖੇ ਉਨ੍ਹਾਂ ਨੇ ਕਰੀਬ 10.64 ਕਰੋੜ ਦੇ ਸੀਵਰੇਜ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ , ਜੋ ਕਿ ਭੂਮੀਗਤ ਸੀਵਰੇਜ ਕੁਨੈਕਸ਼ਨ, ਸਹੀ ਨਿਕਾਸੀ ਪ੍ਰਣਾਲੀਆਂ ਪ੍ਰਦਾਨ ਕਰੇਗਾ ਅਤੇ ਹਜ਼ਾਰਾਂ ਨਿਵਾਸੀਆਂ ਲਈ ਸਫਾਈ ਸਥਿਤੀਆਂ ਵਿੱਚ ਸੁਧਾਰ ਕਰੇਗਾ। ਇੱਥੇ ਹੀ ਉਨ੍ਹਾਂ ਨੇ ਕਰੀਬ 09.55 ਲੱਖ ਰੁਪਏ ਦੀ ਲਾਗਤ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਬਣੇ ਕਲਾਸਰੂਮਾਂ ਦਾ ਉਦਘਾਟਨ ਕੀਤਾ। ਪਿੰਡ ਸ਼ਾਹਪੁਰ ਕਲਾਂ ਵਿਖੇ, ਉਨ੍ਹਾਂ ਨੇ ਕਰੀਬ 19.10 ਲੱਖ ਰੁਪਏ ਦੀ ਲਾਗਤ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਬਣਨ ਵਾਲੇ ਕਲਾਸਰੂਮਾਂ ਦਾ ਨੀਂਹ ਪੱਥਰ ਰੱਖਿਆ। ਉਭਾਵਾਲ ਵਿਖੇ, ਉਨ੍ਹਾਂ ਨੇ ਅਨਾਜ ਮੰਡੀ ਵਿੱਚ ਕਰੀਬ 31.66 ਲੱਖ ਰੁਪਏ ਦੀ ਪ੍ਰੋਜੈਕਟ ਲਾਗਤ ਨਾਲ ਬਣਨ ਵਾਲੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ। ਇਹ ਨਵੇਂ ਸ਼ੈੱਡ ਕਿਸਾਨਾਂ ਨੂੰ ਖਰੀਦ ਸੀਜ਼ਨ ਦੌਰਾਨ ਮੌਸਮੀ ਸਥਿਤੀਆਂ ਤੋਂ ਉਨ੍ਹਾਂ ਦੀ ਉਪਜ ਦੀ ਰੱਖਿਆ ਲਈ ਢਕੇ ਹੋਏ ਪਲੇਟਫਾਰਮ ਪ੍ਰਦਾਨ ਕਰਨਗੇ। ਪਿੰਡ ਨਾਗਰਾ ਵਿਖੇ, ਕੈਬਨਿਟ ਮੰਤਰੀ ਨੇ ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਮਨਜ਼ੂਰ ਕੀਤੇ ਇੱਕ ਨਵੇਂ ਪੰਚਾਇਤ ਘਰ ਦਾ ਨੀਂਹ ਪੱਥਰ ਰੱਖਿਆ, ਜੋ ਸਥਾਨਕ ਸ਼ਾਸਨ ਅਤੇ ਭਾਈਚਾਰਕ ਗਤੀਵਿਧੀਆਂ ਲਈ ਇੱਕ ਕੇਂਦਰ ਵਜੋਂ ਕੰਮ ਕਰੇਗਾ। ਇਨ੍ਹਾਂ ਪ੍ਰੋਜੈਕਟਾਂ ਵਿੱਚ ਕੁੱਲ ਨਿਵੇਸ਼ ਕਰੀਬ 13 ਕਰੋੜ ਹੈ, ਜੋ ਸਕੂਲਾਂ ਦੇ ਆਧੁਨਿਕੀਕਰਨ, ਅਨਾਜ ਮੰਡੀਆਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਸਫਾਈ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਪੇਂਡੂ ਭਾਈਚਾਰਿਆਂ ਲਈ ਬਿਹਤਰ ਸਹੂਲਤਾਂ ਪੈਦਾ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਾਡੇ ਲੋਕਾਂ ਲਈ ਮਿਆਰੀ ਸਿੱਖਿਆ, ਆਧੁਨਿਕ ਬੁਨਿਆਦੀ ਢਾਂਚਾ ਅਤੇ ਬਿਹਤਰ ਨਾਗਰਿਕ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹਨਾਂ ਵਿਕਾਸ ਪ੍ਰੋਜੈਕਟਾਂ ਦਾ ਸਿੱਧਾ ਲਾਭ ਕਿਸਾਨਾਂ, ਵਿਦਿਆਰਥੀਆਂ ਅਤੇ ਆਮ ਨਾਗਰਿਕਾਂ ਨੂੰ ਹੋਵੇਗਾ। ਇਹ ਪਹਿਲਕਦਮੀਆਂ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਨਗੀਆਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪੇਂਡੂ ਸੰਸਥਾਵਾਂ ਨੂੰ ਮਜ਼ਬੂਤ ਕਰਨਗੀਆਂ।" ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ, ਆਮ ਆਦਮੀ ਪਾਰਟੀ ਦੇ ਵੱਖ-ਵੱਖ ਅਹੁਦੇਦਾਰ ਅਤੇ ਵੱਡੀ ਗਿਣਤੀ ਵੱਖ ਵੱਖ ਪਿੰਡਾਂ ਤੇ ਨਗਰਾਂ ਦੇ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਲਕਾ ਦਿੜ੍ਹਬਾ ਦੇ

# ਹੜ੍ਹ ਪ੍ਰਭਾਵਿਤ ਖੇਤਰਾਂ ਲਈ ਭੇਜੀਆਂ ਤਿੰਨ ਐਂਬੂਲੈਂਸਾਂ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਹਲਕਾ ਦਿੜ੍ਹਬਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਵਸਨੀਕਾਂ ਨੂੰ ਮੈਡੀਕਲ ਸੇਵਾਵਾਂ ਪ੍ਰਦਾਨ ਕਰਨ ਲਈ ਸਥਾਨਕ ਰੈਸਟ ਹਾਊਸ ਤੋਂ ਤਿੰਨ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਮੁਹਈਆ ਕਰਵਾਉਣ ਦੇ ਆਦੇਸ਼ ਦਿੰਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

☛ 15 ਦਿਨ ਲਗਾਤਾਰ ਲੋਕਾਂ ਨੂੰ ਸਿਹਤ ਸਹੂਲਤਾਂ ਮੁਹਈਆ ਕਰਵਾਉਣ ਦੇ ਆਦੇਸ਼ ☛ ਪੰਜਾਬ ਸਰਕਾਰ ਹੜ੍ਹ ਪੀੜਤਾਂ ਨੂੰ ਬਿਹਤਰ ਮੁਆਵਜ਼ਾ ਦੇਣ ਲਈ ਵਚਨਬੱਧ - ਹਰਪਾਲ ਸਿੰਘ ਚੀਮਾ

ਵਿੱਤ ਮੰਤਰੀ ਨੇ ਕਿਹਾ ਕਿ ਡਾਕਟਰਾਂ, ਨਰਸਾਂ ਅਤੇ ਫਾਰਮਾਸਿਸਟਾਂ ਨਾਲ ਲੈਸ ਐਂਬੂਲੈਂਸਾਂ ਹੜ੍ਹ ਤੋਂ ਬਾਅਦ ਦੀਆਂ ਸਿਹਤ ਚੁਣੌਤੀਆਂ ਦਾ ਹੱਲ ਕਰਨਗੀਆਂ ਅਤੇ ਲੋਕਾਂ ਨੂੰ ਪਾਣੀ ਤੋਂ ਪੈਦਾ ਹੋਣ ਵਾਲੀਆਂ ਅਤੇ ਹੋਰ ਬਿਮਾਰੀਆਂ ਤੋਂ ਬਚਾਉਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਐਂਬੂਲੈਂਸਾਂ ਰਾਹੀਂ ਅਗਲੇ 15 ਦਿਨਾਂ ਲਈ ਮੁਫ਼ਤ ਡਾਕਟਰੀ ਜਾਂਚ ਅਤੇ ਦਵਾਈਆਂ ਪ੍ਰਦਾਨ ਕੀਤੀਆਂ ਜਾਣਗੀਆਂ, ਅਤੇ ਗੰਭੀਰ ਮਾਮਲਿਆਂ ਵਿੱਚ, ਮਰੀਜ਼ਾਂ ਨੂੰ ਅਗਲੇ ਇਲਾਜ ਲਈ ਨੇੜਲੇ ਸਿਹਤ ਕੇਂਦਰਾਂ ਵਿੱਚ ਭੇਜਿਆ ਜਾਵੇਗਾ। ਇਸ ਮੌਕੇ ਗੱਲਬਾਤ ਕਰਦਿਆਂ ਸ੍ਰ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਹੜ੍ਹ ਪੀੜਤਾਂ ਨੂੰ ਬਿਹਤਰ ਮੁਆਵਜ਼ਾ ਦੇਣ ਲਈ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾਈ ਕੈਬਨਿਟ ਦੀ ਪ੍ਰਵਾਨਗੀ ਤੋਂ ਬਾਅਦ ਆਫ਼ਤ ਪ੍ਰਬੰਧਨ ਐਕਟ, ਮਾਈਨਿੰਗ ਐਕਟ ਅਤੇ ਹੋਰ ਸਬੰਧਤ ਕਾਨੂੰਨਾਂ ਵਿੱਚ ਜ਼ਰੂਰੀ ਸੋਧਾਂ ਸੈਸ਼ਨ ਵਿੱਚ ਰੱਖੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਾਲੀ ਸਮੁੱਚੀ ਸਰਕਾਰ ਤੇ ਆਮ ਆਦਮੀ ਪਾਰਟੀ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਭਲਾਈ ਲਈ ਸਮਰਪਿਤ ਹੈ, ਅਤੇ ਇਹ ਸੈਸ਼ਨ ਉਸ ਵਚਨਬੱਧਤਾ ਨੂੰ ਦਰਸਾਏਗਾ। ਰੰਗਲਾ ਪੰਜਾਬ ਚੜ੍ਹਦੀ ਕਲਾ ਫੰਡ ਇਕੱਤਰ ਕਰਨ ਦੀ ਮੁਹਿੰਮ ਨੂੰ ਸਫ਼ਲ ਕਰਾਰ ਦਿੰਦੇ ਹੋਏ, ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਦੁਨੀਆ ਭਰ ਦੇ ਪੰਜਾਬੀਆਂ ਵੱਲੋਂ ਦਿੱਤੇ ਜਾ ਰਹੇ ਭਾਰੀ ਯੋਗਦਾਨ ਨੇ ਆਮ ਸਥਿਤੀ ਬਹਾਲ ਕਰਨ ਦੇ ਯਤਨਾਂ ਨੂੰ ਮਜ਼ਬੂਤੀ ਦਿੱਤੀ ਹੈ। ਇਨ੍ਹਾਂ ਮੁਸ਼ਕਲ ਸਮਿਆਂ ਵਿੱਚ ਮਦਦ ਕਰਨ ਲਈ ਪ੍ਰਵਾਸੀ ਭਾਰਤੀਆਂ ਦਾ ਧੰਨਵਾਦ ਕਰਦੇ ਹੋਏ, ਉਨ੍ਹਾਂ ਕਿਹਾ ਕਿ ਇਹ ਫੰਡ ਉਨ੍ਹਾਂ ਪਰਿਵਾਰਾਂ ਦੀ ਹਿੰਮਤ ਵਧਾਏਗਾ ਜਿਨ੍ਹਾਂ ਨੂੰ ਕੁਦਰਤ ਦੇ ਕਹਿਰ ਕਾਰਨ ਭਾਰੀ ਨੁਕਸਾਨ ਹੋਇਆ ਹੈ। ਵਿੱਤ ਮੰਤਰੀ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਆਬਾਦੀ ਦੀ ਸਹਾਇਤਾ ਲਈ ਹਰ ਸੰਭਵ ਕਦਮ ਚੁੱਕੇਗੀ, ਜਿਸਦਾ ਉਦੇਸ਼ ਪੰਜਾਬ ਨੂੰ ਮਜ਼ਬੂਤ ਅਤੇ ਖੁਸ਼ਹਾਲ ਬਣਾਉਣਾ ਹੈ। ਇਸ ਮੌਕੇ ਵਿੱਤ ਮੰਤਰੀ ਦੇ ਓ ਐਸ ਡੀ ਐਡਵੋਕੇਟ ਤਪਿੰਦਰ ਸਿੰਘ ਸੋਹੀ, ਸਹਿਤ ਵਿਭਾਗ ਦੀਆਂ ਟੀਮਾਂ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਮੌਜੂਦ ਸਨ।

# ਗੁਰਦੁਆਰਾ ਮੰਜੀ ਸਾਹਿਬ ਮੁਲੋਵਾਲ ਵਿਖੇ ਮਹਾਨ ਗੁਰਮਿਤ ਸਮਾਗਮ 27 ਸਤੰਬਰ ਨੂੰ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸਹੀਦੀ ਸ਼ਤਾਬਦੀ ਮਨਾਈ ਜਾ ਰਹੀ ਹੈ ਜਿਸ ਵਿੱਚ ਸ਼੍ਰੋਮਣੀ ਕਮੇਟੀ ਹਲਕਾ ਧੂਰੀ ਦੇ ਪਿੰਡ ਮੂਲੋਵਾਲ ਸਾਹਿਬ ਵਿਖੇ ਗੁਰੂਦੁਆਰਾ ਮੰਜੀ ਸਾਹਿਬ ਮੂਲੋਵਾਲ ਪਾਤਿਸ਼ਾਹੀ ਨੌਵੀਂ ਤੇ ਦਸਵੀਂ ਜੀ ਦੇ ਚਰਨਛੋਹ ਪ੍ਰਾਪਤ ਅਸਥਾਨ ਉੱਪਰ 27 ਸਤੰਬਰ 2025 ਨੂੰ ਵਿਸ਼ੇਸ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਧੂਰੀ ਤੋਂ ਪਿਛਲੇ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਬੀਬੀ ਸਰਨਜੀਤ ਕੌਰ ਮੈਂਬਰ ਸਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਸਪੁੱਤਰ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਜਿਸ ਵਿੱਚ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਸਾਹਿਬਾਨ ਤੇ ਕਥਾਵਾਚਕ ਸਾਹਿਬਾਨ ਅਤੇ ਢਾਡੀ ਜਥੇ ਪੰਥ ਦੀਆਂ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਹਨਾਂ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਆਓ 27 ਸਤੰਬਰ ਨੂੰ ਹੋ ਰਹੇ ਗੁਰਮਿਤ ਸਮਾਗਮ ਵਿੱਚ ਵੱਧ ਚੜ ਕੇ ਯੋਗਦਾਨ ਪਾਈਏ ਸਮਾਗਮ ਵਿਚ ਕਥਾ ਵਾਚਕਾਂ ਦੀਆਂ ਵਿਚਾਰਾਂ ਸੁਣੀਏ ।



ਆਵਾਜ਼ਿ ਕੌਮ AWAZE QAUM International Newspaper & WEB TV

# ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾਂ ਦੀ ਖੋ-ਖੋ ਟੀਮ ਦੀ ਸਟੇਟ ਪੱਧਰ ਤੇ ਚੋਣ ਹੋਣ ਤੇ ਕੀਤਾ ਗਿਆ ਵਿਸ਼ੇਸ਼ ਸਨਮਾਨ




**ਬਰਨਾਲਾ -(ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਵਿਦਿਆਰਥੀਆਂ ਨੇ 69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਖੋ-ਖੋ ਦੇ ਮੁਕਾਬਲੇ ਜੋ ਕਿ ਜੈ ਵਾਟਿਕਾ ਸਕੂਲ ਬਰਨਾਲਾ ਵਿੱਚ ਹੋਏ ਖੋ-ਖੋ ਦੇ ਮੁਕਾਬਲਿਆਂ ਵਿੱਚ ਐੱਸ.ਜੀ.ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾਂ ਦੀ ਖੋ-ਖੋ ਅੰਡਰ-14 ਲੜਕੀਆਂ ਦੀ ਟੀਮ ਨੇ ਬਰਨਾਲਾ ਜ਼ਿਲ੍ਹੇ ਵਿੱਚ ਅੱਠ ਟੀਮਾਂ ਨੂੰ ਪਛਾੜਦਿਆਂ ਪਹਿਲਾ ਸਥਾਨ ਹਾਸਿਲ ਕੀਤਾ ਹੁਣ ਇਹ ਟੀਮ ਪੰਜਾਬ ਵਿੱਚ ਕਪੂਰਥਲਾ ਵਿੱਚ ਕਰਵਾਏ ਜਾ ਰਹੇ ਸਟੇਟ ਪੱਧਰੀ ਟੂਰਨਾਮੈਂਟ ਲਈ ਬਰਨਾਲਾ ਜ਼ਿਲ੍ਹੇ ਵੱਲੋਂ ਖੇਡੇਗੀ। ਅੱਜ ਸਕੂਲ ਪਹੁੰਚਣ ਤੇ ਇਹ ਪੂਰੀ ਟੀਮ ਨੂੰ ਸਕੂਲ ਸਟਾਫ਼ ਅਤੇ ਮੈਨੇਜ਼ਮੈਂਟ ਵੱਲੋਂ ਸਨਮਾਨਿਤ ਕੀਤਾ ਗਿਆ, ਇਹ ਖੋ-ਖੋ ਦੀ ਟੀਮ ਵਿੱਚ ਇਸ ਸਕੂਲ ਦੀਆਂ ਛੇ ਲੜਕੀਆਂ ਦੀ ਚੋਣ ਹੋਈ ਗਗਨਦੀਪ ਕੌਰ, ਰੁਪਿੰਦਰ ਕੌਰ, ਗੁਰਕਰਮਨਦੀਪ ਕੌਰ, ਅਨਮੋਲਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਖੁਸ਼ੀ ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਨੇ ਦੱਸਿਆ ਕਿ ਇਸ ਪ੍ਰਾਪਤੀ ਦਾ ਸਿਹਰਾ ਸਾਡੇ ਮਿਹਨਤੀ ਵਿਦਿਆਰਥੀਆਂ ਅਤੇ ਕੋਚ ਸਾਹਿਬਾਨਾਂ ਨੂੰ ਜਾਂਦਾ ਹੈ। ਸਾਡੇ ਸਕੂਲ ਵੱਲੋਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦਾ ਵੀ ਖਾਸ ਖਿਆਲ ਰੱਖਿਆ ਜਾਂਦਾ ਹੈ ਤਾਂ ਕਿ ਬੱਚੇ ਦਾ ਮਾਨਸਿਕ ਤੇ ਸਰੀਰਕ ਵਿਕਾਸ ਹੋ ਸਕੇ ਖੇਡਾਂ ਲਈ ਚੰਗੇ ਕੋਚਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ ਜਿਸ ਨਾਲ ਸਾਡੇ ਸਕੂਲ ਦੇ ਬੱਚੇ ਖੇਡਾਂ ਵਿੱਚ ਚੰਗੀਆਂ ਪ੍ਰਾਪਤੀਆਂ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਦਿਆਰਥੀਆਂ ਲਈ ਪਰਾਲੀ ਪ੍ਰਬੰਧਨ ਅਤੇ ਸਵੱਛਤਾ ਅਭਿਆਨ ਸਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ

## ਪਰਾਲੀ ਨੂੰ ਨਾ ਸਾੜਨ ਦਾ ਸੁਨੇਹਾ ਕਿਸਾਨਾਂ ਨਾਲ ਸਾਂਝਾ ਕਰਨ ਦਾ ਸੁਨੇਹਾ ਦਿੱਤਾ

ਮਸਤੂਆਣਾ ਸਾਹਿਬ ( ਰਣਜੀਤ ਸਿੰਘ ਪੇਧਨੀ ) ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਗੁਰਸਾਗਰ ਮਸਤੂਆਣਾ ਸਾਹਿਬ ਕਾਲਜ ਦੇ ਆਰਟਸ ਵਿਸ਼ੇ ਦੇ ਵਿਦਿਆਰਥੀਆਂ ਲਈ ਪਰਾਲੀ ਪ੍ਰਬੰਧਨ ਅਤੇ ਸਵੱਛਤਾ ਅਭਿਆਨ ਸੰਬੰਧੀ ਇੱਕ-ਰੋਜ਼ਾ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ 45 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।

ਇਸ ਸੈਮੀਨਾਰ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਅਤੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਦੇ ਉਦੇਸ਼ਾਂ ਅਤੇ ਕਿਸਾਨਾਂ ਦੀ ਭਲਾਈ ਹਿਤ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਉਹਨਾਂ ਵਿਦਿਆਰਥੀਆਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਵੀ ਸੁਚੇਤ ਕੀਤਾ ਅਤੇ ਪਰਾਲੀ ਨੂੰ ਨਾ ਸਾੜਨ ਦਾ ਸੁਨੇਹਾ ਕਿਸਾਨਾਂ ਨਾਲ ਸਾਂਝਾ ਕਰਨ ਦਾ ਸੁਨੇਹਾ ਦਿੱਤਾ। ਇਸ ਦੇ ਨਾਲ ਹੀ ਉਹਨਾਂ ਪੀਏਯੂ ਵੱਲੋਂ ਸਤੰਬਰ ਮਹੀਨੇ ਦੌਰਾਨ ਲਗਾਏ ਜਾਣ ਵਾਲੇ ਕਿਸਾਨ ਮੇਲਿਆਂ ਬਾਰੇ ਵੀ ਦੱਸਿਆ। ਉਨ੍ਹਾਂ ਨੇ ਪੇਂਡੂ ਖੇਤਰ ਨਾਲ ਸਬੰਧਤ ਵਿਦਿਆਰਥੀਆਂ ਨੂੰ ਪੀਏਯੂ ਦੇ ਖੇਤੀ ਸਾਹਿਤ ਨੂੰ ਪੜ੍ਹਨ ਅਤੇ ਖਰੀਦਣ ਲਈ ਵੀ ਪ੍ਰੇਰਿਤ ਕੀਤਾ। ਡਾ ਜਯੋਤੀ, ਗ੍ਰਹਿ ਵਿਗਿਆਨ ਮਾਹਿਰ ਨੇ ਵਿਦਿਆਰਥੀਆਂ ਨੂੰ ਸਵੱਛਤਾ ਦਾ ਸੁਨੇਹਾ ਦਿੰਦੇ ਹੋਏ ਆਪਣੇ ਘਰ ਅਤੇ ਬਾਹਰ ਸਫ਼ਾਈ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਸਫ਼ਾਈ ਰੱਖਣ ਦੇ ਤਰੀਕਿਆਂ ਦੇ ਨਾਲ ਸਫ਼ਾਈ ਰੱਖਣ ਨਾਲ ਹੋਣ ਵਾਲੇ ਫਾਇਦਿਆਂ ਸਬੰਧੀ ਵੀ ਜਾਣਕਾਰੀ ਦਿੱਤੀ। ਡਾ ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਨੇ ਵਿਦਿਆਰਥੀਆਂ ਨੂੰ ਪਰਾਲੀ ਪ੍ਰਬੰਧਨ ਦੀਆਂ ਨਵੀਆਂ ਤਕਨੀਕਾਂ ਸਮਾਰਟ ਸੀਡਰ, ਸਰਫੇਸ ਸੀਡਰ ਅਤੇ ਪਰਾਲੀ ਅਧਾਰਿਤ ਬਾਇਓ ਗੈਸ ਪਲਾਂਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਪਰਾਲੀ ਪ੍ਰਬੰਧਨ ਵਿੱਚ ਆਉਣ ਵਾਲੀਆਂ ਮੁਸ਼ਕਿਲਾਂ ਸਬੰਧੀ ਵੀ ਵਿਚਾਰ-ਚਰਚਾ ਕੀਤੀ। ਪ੍ਰੋਗਰਾਮ ਦੇ ਅਖੀਰ ਵਿੱਚ ਕਾਲਜ ਦੇ ਸਟਾਫ਼ ਨੇ ਕੇਵੀਕੇ, ਸੰਗਰੂਰ ਦੀ ਸਮੂਹ ਟੀਮ ਦਾ ਵਿਦਿਆਰਥੀਆਂ ਨਾਲ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਨ ਲਈ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਹਲਕੇ ਦੀਆਂ

# ਪੰਚਾਇਤਾਂ ਨੂੰ 05 ਕਰੋੜ 18 ਲੱਖ ਰੁਪਏ ਦੇ ਚੈੱਕ ਵੰਡੇ





**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ, ਸ.ਹਰਪਾਲ ਸਿੰਘ ਚੀਮਾ ਨੇ ਅੱਜ ਐਸਡੀਐਮ ਦਫ਼ਤਰ ਦਿੜ੍ਹਬਾ ਵਿਖੇ ਦਿੜ੍ਹਬਾ ਹਲਕੇ ਦੀਆਂ ਪੰਚਾਇਤਾਂ ਨੂੰ 05 ਕਰੋੜ 18 ਲੱਖ ਰੁਪਏ ਦੇ ਚੈੱਕ ਵੰਡੇ, ਜੋ ਕਿ ਪਿੰਡ ਪੱਧਰ 'ਤੇ ਅਤਿ ਆਧੁਨਿਕ ਵਿਕਾਸ ਲਈ ਇੱਕ ਮਹੱਤਵਪੂਰਨ ਕਦਮ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਮੌਕੇ ਉੱਤੇ ਹੀ ਹੱਲ ਕੀਤੀਆਂ ਤੇ ਬਾਕੀਆਂ ਸਬੰਧੀ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ।

### ਐਸ.ਡੀ.ਐਮ. ਦਫ਼ਤਰ ਵਿਖੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ

ਕੈਬਨਿਟ ਮੰਤਰੀ ਨੇ ਕਿਹਾ ਕਿ ਵੱਖ-ਵੱਖ ਸਰਕਾਰੀ ਯੋਜਨਾਵਾਂ ਅਧੀਨ ਮਨਜ਼ੂਰ ਕੀਤੇ ਗਏ ਚੈੱਕਾਂ ਦਾ ਉਦੇਸ਼ ਪੰਚਾਇਤਾਂ ਨੂੰ ਉਨ੍ਹਾਂ ਦੇ ਸਬੰਧਤ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ, ਨਾਗਰਿਕ ਸਹੂਲਤਾਂ, ਸੈਨੀਟੇਸ਼ਨ ਸੁਧਾਰਾਂ ਅਤੇ ਹੋਰ ਭਲਾਈ ਪ੍ਰੋਜੈਕਟਾਂ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਇਹ ਪਹਿਲਕਦਮੀ ਇਹ ਯਕੀਨੀ ਬਣਾਉਂਦੀ ਹੈ ਕਿ ਸਥਾਨਕ ਸੰਸਥਾਵਾਂ ਨੂੰ ਪ੍ਰੋਜੈਕਟਾਂ ਨੂੰ ਸਮੇਂ ਸਿਰ ਲਾਗੂ ਕਰਨ, ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਉਤਸ਼ਾਹਿਤ ਕਰਨ ਲਈ ਫੰਡਾਂ ਸਬੰਧੀ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਪੰਜਾਬ ਸਰਕਾਰ ਪੰਚਾਇਤਾਂ ਨੂੰ ਸਸ਼ਕਤ ਬਣਾਉਣ ਲਈ ਵਚਨਬੱਧ ਹੈ ਤਾਂ ਜੋ ਪਿੰਡ ਅਰਥਪੂਰਨ ਵਿਕਾਸ ਕਾਰਜ ਕਰ ਸਕਣ। ਇਹ ਫੰਡ ਪੰਚਾਇਤਾਂ ਨੂੰ ਸੜਕਾਂ, ਕਮਿਊਨਿਟੀ ਹਾਲ, ਜਲ ਸਪਲਾਈ ਪ੍ਰਣਾਲੀਆਂ ਅਤੇ ਹੋਰ ਜ਼ਰੂਰੀ ਬੁਨਿਆਦੀ ਢਾਂਚੇ ਦਾ ਨਿਰਮਾਣ ਕਰਨ ਦੇ ਯੋਗ ਬਣਾਉਣਗੇ ਜਿਸ ਨਾਲ ਸਿੱਧੇ ਤੌਰ 'ਤੇ ਵਸਨੀਕਾਂ ਨੂੰ ਲਾਭ ਹੋਵੇਗਾ। ਅਸੀਂ ਸਥਾਨਕ ਸ਼ਾਸਨ ਨੂੰ ਮਜ਼ਬੂਤ ਕਰਨ ਅਤੇ ਇਹ ਯਕੀਨੀ ਬਣਾਉਣ 'ਤੇ ਕੇਂਦ੍ਰਿਤ ਹਾਂ ਕਿ ਵਿਕਾਸ ਹਲਕੇ ਦੇ ਹਰ ਕੋਨੇ ਤੱਕ ਪਹੁੰਚੇ।"

ਕੈਬਨਿਟ ਮੰਤਰੀ ਨੇ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਵੰਡੇ ਗਏ ਫੰਡਾਂ ਦੀ ਵਰਤੋਂ ਸਮਝਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਕਰਨ, ਭਾਈਚਾਰੇ ਦੀ ਭਲਾਈ ਨੂੰ ਸਭ ਤੋਂ ਵੱਡੀ ਤਰਜੀਹ ਦਿੱਤੀ ਜਾਵੇ। ਕੈਬਨਿਟ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਵਿਕਾਸ ਯੋਜਨਾਵਾਂ ਦੀ ਸਫਲਤਾ ਅਤੇ ਪੇਂਡੂ ਖੇਤਰਾਂ ਦੀ ਸਮੁੱਚੀ ਤਰੱਕੀ ਲਈ ਸਥਾਨਕ ਪ੍ਰਤੀਨਿਧੀਆਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ।

ਸ. ਚੀਮਾ ਨੇ ਕਿਹਾ ਕਿ ਇਸ ਪਹਿਲਕਦਮੀ ਰਾਹੀਂ, ਪੰਜਾਬ ਸਰਕਾਰ ਦਿੜ੍ਹਬਾ ਹਲਕੇ ਵਿੱਚ ਪੇਂਡੂ ਭਾਈਚਾਰਿਆਂ ਲਈ ਜ਼ਮੀਨੀ ਵਿਕਾਸ, ਬਿਹਤਰ ਨਾਗਰਿਕ ਸਹੂਲਤਾਂ ਅਤੇ ਜੀਵਨ ਦੀ ਬਿਹਤਰ ਗੁਣਵੱਤਾ ਨੂੰ ਉਤਸ਼ਾਹਿਤ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਵੀ ਕੀਤੀ ਹੈ।ਉਹਨਾਂ ਕਿਹਾ ਕਿ ਵਿਧਾਨ ਸਭਾ ਹਲਕਾ ਦਿੜ੍ਹਬਾ ਨੂੰ ਸੂਬੇ ਵਿੱਚੋਂ ਅਵਲ ਹਲਕਾ ਬਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਚੈੱਕ ਵੰਡ ਸਮਾਰੋਹ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਪਿੰਡ ਗੁਜਰਾਂ ਵਿਖੇ ਲਾਏ ਅੱਖਾਂ ਦੇ ਇਲਾਜ ਸਬੰਧੀ ਮੁਫ਼ਤ ਮੈਡੀਕਲ ਕੈਂਪ ਵਿੱਚ ਸ਼ਿਰਕਤ ਕੀਤੀ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਹੱਲ ਦਾ ਭਰੋਸਾ ਦਿੱਤਾ ਅਤੇ ਕੈਂਪ ਲਾਉਣ ਵਾਲੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ, ਮਾਰਕਿਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਵੀਰ ਕੌਰ ਸ਼ੇਰਗਿੱਲ, ਸੰਗਰੂਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ ਘੁਮਾਣ, ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ

# ਰਾਸ਼ਟਰੀ ਸੀ.ਬੀ.ਐਸ.ਈ. ਤੀਰਅੰਦਾਜ਼ੀ ਚੈਂਪੀਅਨਸ਼ਿਪ ਦਾ ਕੀਤਾ ਉਦਘਾਟਨ



**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸ਼ਹੀਦ ਬਚਨ ਸਿੰਘ ਸਟੇਡੀਅਮ, ਦਿੜ੍ਹਬਾ ਵਿਖੇ ਰਾਸ਼ਟਰੀ ਸੀ.ਬੀ.ਐਸ.ਈ. ਤੀਰਅੰਦਾਜ਼ੀ ਚੈਂਪੀਅਨਸ਼ਿਪ ਦਾ ਉਦਘਾਟਨ ਕੀਤਾ। ਇਹ ਚੈਂਪੀਅਨਸ਼ਿਪ 27 ਸਤੰਬਰ ਨੂੰ ਸਮਾਪਤ ਹੋਵੇਗੀ, ਜਿਸ ਵਿੱਚ ਭਾਰਤ ਦੇ ਵੱਖ ਵੱਖ ਹਿੱਸਿਆਂ ਤੋਂ ਆਏ ਤੀਰਅੰਦਾਜ਼ ਆਪਣੇ ਹੁਨਰ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਇਸ ਸਮਾਗਮ ਦੌਰਾਨ ਕੈਬਨਿਟ ਮੰਤਰੀ ਸ.ਚੀਮਾ ਨੇ ਭਾਗੀਦਾਰਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ, ਉਨ੍ਹਾਂ ਨੂੰ ਸਮਰਪਣ ਤੇ ਅਨੁਸ਼ਾਸਨ ਦੀ ਭਾਵਨਾ ਨਾਲ ਮੁਕਾਬਲਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ।ਕੈਬਨਿਟ ਮੰਤਰੀ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਿਹਤਮੰਦ ਅਤੇ ਨਸ਼ਾ ਮੁਕਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਸਰੀਰਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਨਾਲ ਅਨੁਸ਼ਾਸਨ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਹੁੰਦੀ ਹੈ ਅਤੇ ਨੌਜਵਾਨਾਂ ਹਰ ਖੇਤਰ ਵਿੱਚ ਵੱਡੇ ਪੱਧਰ ਉੱਤੇ ਮੱਲਾਂ ਮਾਰਨ ਦੇ ਸਮਰੱਥ ਹੋ ਜਾਂਦੇ ਹਨ। ਸ. ਚੀਮਾ ਨੇ ਕਿਹਾ ਕਿ ਪੂਰੇ ਭਾਰਤ ਤੋਂ ਤੀਰਅੰਦਾਜ਼ ਇਸ ਚੈਂਪੀਅਨਸ਼ਿਪ ਵਿੱਚ ਹਿੱਸਾ ਲੈ ਰਹੇ ਹਨ, ਜੋ ਦਿਲਚਸਪ ਮੁਕਾਬਲਿਆਂ ਅਤੇ ਹੁਨਰ ਅਤੇ ਸਮਰਪਣ ਦੇ ਪ੍ਰਦਰਸ਼ਨ ਪ੍ਰਤੀਕ ਬਣੇਗੀ। ਉਹਨਾਂ ਨੇ ਸਾਰੇ ਭਾਗੀਦਾਰਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਜੀਸੀਐਮ ਸਕੂਲ ਦੇ ਅਜਿਹੇ ਸ਼ਾਨਦਾਰ ਸਮਾਗਮ ਦੇ ਆਯੋਜਨ ਲਈ ਯਤਨਾਂ ਦੀ ਵੀ ਸ਼ਲਾਘਾ ਕੀਤੀ। ਵਿਦਿਆਰਥੀਆਂ, ਮਾਪਿਆਂ ਅਤੇ ਸਥਾਨਕ ਖੇਡ ਪ੍ਰੇਮੀਆਂ ਨੇ ਇਹ ਮੁਕਾਬਲੇ ਕਰਵਾਏ ਜਾਣ ਦਾ ਸਵਾਗਤ ਕੀਤਾ, ਜਿਸ ਨਾਲ ਦਿੜ੍ਹਬਾ ਨੂੰ ਰਾਸ਼ਟਰੀ ਪੱਧਰ 'ਤੇ ਖੇਡਾਂ ਅਤੇ ਯੁਵਾ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਇੱਕ ਕੇਂਦਰ ਵਜੋਂ ਪਛਾਣ ਮਿਲ ਰਹੀ ਹੈ।

### ਦੇਸ਼ ਦੇ ਵੱਖੋ-ਵੱਖ ਹਿੱਸਿਆਂ ਵਿੱਚੋਂ ਤੀਰਅੰਦਾਜ਼ ਸ਼ਹੀਦ ਬਚਨ ਸਿੰਘ ਸਟੇਡੀਅਮ ਵਿੱਚ ਕਰਵਾਏ ਜਾ ਰਹੇ ਮੁਕਾਬਲਿਆਂ ਵਿੱਚ ਲੈ ਰਹੇ ਨੇ ਹਿੱਸਾ

ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ, ਮਾਰਕਿਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਵੀਰ ਕੌਰ ਸ਼ੇਰਗਿੱਲ, ਸੰਗਰੂਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ ਘੁਮਾਣ, ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ, ਵੱਡੀ ਗਿਣਤੀ ਵਿਦਿਆਰਥੀ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਆਪ ਦੇ ਨਸ਼ਾ ਮੁਕਤੀ ਅਭਿਆਨ ਵੱਲੋਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਦੇ ਜਨਮਦਿਨ ਦਾ ਕੇਕ ਕਟਿਆ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਦੇ ਜਨਮ ਦਿਨ ਤੇ ਮੁਬਾਰਕ ਦੇਣ ਦੇ ਲਈ ਨਸ਼ਾ ਮੁਕਤੀ ਅਭਿਆਨ ਦੇ ਹਲਕਾ ਧੂਰੀ ਦੇ ਕੁਆਰਡਿਨੇਟਰ ਸ, ਰਛਪਾਲ ਸਿੰਘ ਭੁੱਲਰ ਦੀ ਅਗਵਾਈ ਹੇਠ ਨਸ਼ਾ ਮੁਕਤੀ ਅਭਿਆਨ ਦੇ ਨਵ ਨਿਯੁਕਤ ਬਲਾਕ ਪ੍ਰਧਾਨਾਂ ਵੱਲੋਂ ਚੇਅਰਮੈਨ ਢਿੱਲੋਂ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕੇਕ ਕੱਟਿਆ ਗਿਆ ।ਇਸ ਮੌਕੇ ਨਸ਼ਾ ਮੁਕਤੀ ਅਭਿਆਨ ਦੇ ਬਲਾਕ ਪ੍ਰਧਾਨ ਅਮਨਦੀਪ ਸਿੰਘ, ਅੰਮ੍ਰਿਤ ਸਿੰਘ, ਬਲਵਿੰਦਰ ਸਿੰਘ ,ਭਰਭੂਰ ਸਿੰਘ, ਗੁਰਿੰਦਰ ਸਿੰਘ, ਹਰਵਿੰਦਰ ਸਿੰਘ, ਇੰਸਾ ਸਰਮਾ, ਸਰਪੰਚ ਜਗਜੀਤ ਸਿੰਘ, ਜਸਪ੍ਰੀਤ ਸਿੰਘ, ਜਸਵਿੰਦਰ ਸਿੰਘ , ਕੁਲਵਿੰਦਰ ਸਿੰਘ , ਮਨਜੀਤ ਕੁਮਾਰ, ਮਨਜਿੰਦਰ ਸਿੰਘ, ਮਨਵੀਰ ਸਿੰਘ ,ਨਰਿੰਦਰ ਸਿੰਘ ,ਨਿਰਮਲ ਸਿੰਘ ,ਰਮਨਦੀਪ ਸਿੰਘ, ਸਿਕੰਦਰ ਸਿੰਘ , ਸੁਰਜੀਤ ਸਿੰਘ , ਤਾਰਿਕ ਖਾਨ ਤਰਸੇਮ ਕਲਸੀ, ਵਿੱਕੀ ਸ਼ਰਮਾ, ਮਨਪ੍ਰੀਤ ਸਿੰਘ ਸਲੇਮਪੁਰ ਜਗਤਾਰ ਸਿੰਘ ਬਾਗੜੀ ਗਿੰਨੀ ਸਲੇਮਪੁਰ, ਦਰਸਨ ਸਿੰਘ ਪਾਠਕ, ਨਰੇਸ਼ ਸਿੰਗਲਾ, ਗੁਰਪ੍ਰੀਤ ਸਿੰਘ ਦੋਹਲਾ, ਸੰਭੂ ਧੂਰੀ ਅਰਸ ਧੂਰੀ , ਨਵਜੋਤ ਕੌਰ ਧੂਰੀ, ਰਾਜੂ ਲੱਡਾ, ਹਰਦੀਪ ਸਿੰਘ, ਹਰਪ੍ਰੀਤ ਸਿੰਘ ਹਾਜ਼ਰ ਸਨ ।ਅੰਤ ਵਿੱਚ ਮੁੱਖ ਮੰਤਰੀ ਦਫਤਰ ਇੰਚਾਰਜ ਚੇਅਰਮੈਨ ਦਲਬੀਰ ਸਿੰਘ ਢਿੱਲੋ ਨੇ ਆਏ ਨੌਜਵਾਨਾਂ ਦਾ ਧੰਨਵਾਦ ਕੀਤਾ ਅਤੇ ਨਵ ਨਿਯੁਕਤ ਨਸਾ ਮੁਕਤੀ ਅਭਿਆਨ ਦੇ ਚੁਣੇ ਗਏ ਬਲਾਕ ਪ੍ਰਧਾਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ।

# ਸਿੱਖ ਸੰਗਤਾਂ ਦੇ ਦਰਸ਼ਨ ਦੀਦਾਰਿਆਂ ਲਈ ਸ੍ਰੀ ਕਰਤਾਰਪੁਰ ਕੋਰੀਡੋਰ ਰਸਤਾ ਖੋਲਿਆ ਜਾਵੇ- ਬੀਬੀ ਸੰਧੂ

ਲੁਧਿਆਣਾ ( ਰਣਜੀਤ ਸਿੰਘ ਪੇਧਨੀ )- ਪਾਕਿਸਤਾਨ ਵਲੋਂ ਪਹਿਲਗਾਮ ਜੰਮੂ ਕਸ਼ਮੀਰ ਵਿਖੇ ਭਾਰਤੀ ਸੈਲਾਨੀਆਂ ਤੇ ਹਮਲੇ ਬਾਅਦ ਦੋਵੇ ਦੇਸ਼ਾਂ ਦਰਮਿਆਨ ਵਿਗੜੇ ਹਾਲਾਤਾਂ ਤੋਂ ਬਾਅਦ ਪਿਛਲੇ ਲੰਮੇ ਸਮੇਂ ਤੋਂ ਬੰਦ ਕੀਤੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਨੂੰ ਭਾਰਤੀ ਸਿੱਖ ਸੰਗਤਾਂ ਦੇ ਦਰਸ਼ਨ ਦੀਦਾਰਿਆਂ ਲਈ ਜਲਦ ਤੋਂ ਜਲਦ ਖੋਲਿਆ ਜਾਵੇ 9 ਇਹ ਸ਼ਬਦ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਮੀਤ ਪ੍ਰਧਾਨ ਤੇ ਸੀਨੀਅਰ ਆਗੂ ਬੀਬੀ ਮਨਦੀਪ ਕੌਰ ਸੰਧੂ ਨੇ ਕਹੇ ਉਹਨਾਂ ਕਿਹਾ ਕਿ ਜਿੱਥੇ ਭਾਰਤ ਪਾਕਿਸਤਾਨ ਦੇਸ਼ਾਂ ਦਰਮਿਆਨ ਦਰਸ਼ਕਾਂ ਦੇ ਮਨੋਰੰਜਨ ਲਈ ਕ੍ਰਿਕਟ ਮੈਚ ਖੇਡੇ ਜਾ ਰਹੇ ਹਨ ਭਾਰਤ ਪਾਕਿਸਤਾਨ ਦਰਮਿਆਨ ਮੁੰਬਈ ਕਰਾਚੀ ਰਸਤੇ ਵਪਾਰ ਚੱਲ ਰਿਹਾ ਤੇ ਫਿਰ ਪੰਜਾਬ ਨਾਲ ਧੱਕਾ ਕਰਦਿਆ ਅਟਾਰੀ ਵਾਹਗਾ ਸਰਹੱਦ ਤੇ ਭਾਰਤੀ ਸਿੱਖ ਸੰਗਤ ਲਈ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਨਾਰੋਵਾਲ ਦੇ ਦਰਸ਼ਨ ਦੀਦਾਰੇ ਕੋਰੀਡੋਰ ਨੂੰ ਬੰਦ ਕਰਨਾ ਸਿੱਖ ਸੰਗਤਾਂ ਦੇ ਹਿਰਦਿਆਂ ਨੂੰ ਠੇਸ ਪਹੁੰਚਾਉਣ ਦੇ ਬਰਾਬਰ ਹੈ ਉਹਨਾਂ ਕਿਹਾ ਕਿ 22 ਸਤੰਬਰ ਨੂੰ ਜਿੱਥੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਦਿਹਾੜਾ ਸ਼੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਪਾਕਿਸਤਾਨ ਵਿਖੇ ਵੱਡੀ ਪੱਧਰ ਤੇ ਪਾਕਿਸਤਾਨੀ ਸਿੱਖ ਸੰਗਤਾਂ ਮਨਾ ਰਹੀਆਂ ਹਨ ਉੱਥੇ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਜੋ ਕਿ ਨਵੰਬਰ ਮਹੀਨੇ ਜਨਮ ਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਮਨਾਇਆ ਜਾਣਾ ਹੈ ਉੱਥੇ ਜਾਣ ਲਈ ਵੀ ਸੰਗਤਾਂ ਨੂੰ ਜਲਦ ਤੋਂ ਜਲਦ ਵਿਜੇ ਦੇ ਕੇ ਅਟਾਰੀ ਸਰਹੱਦ ਰਸਤਾ ਖੋਲ ਕੇ ਭਾਰਤ ਤੋਂ ਪਾਕਿਸਤਾਨ ਭੇਜਿਆ ਜਾਵੇ। ਉਹਨਾਂ ਕਿਹਾ ਕਿ ਭਾਰਤੀ ਸਿੱਖ ਸੰਗਤਾਂ ਦੇ ਸ਼੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਦਰਸ਼ਨ ਦੀਦਾਰਿਆ ਦੀ ਤਾਂਗ ਬਹੁਤ ਜਿਆਦਾ ਹੋਣ ਕਰਕੇ ਸ਼੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਰਸਤਾ ਵੀ ਖੋਲਿਆ ਜਾਵੇ ਤਾਂ ਜੋ ਸਿੱਖ ਸੰਗਤਾਂ ਆਪਣੇ ਵਿਛੜੇ ਗੁਰਧਾਮਾਂ ਦੀ ਯਾਤਰਾ ਕਰਕੇ ਆਪਣੇ ਆਸਤਾ ਪੂਰੀ ਕਰ ਸਕਣ।

# 24 ਨਵੰਬਰ ਨੂੰ ਦੀਨਾ ਕਾਂਗੜ ਦੇ ਇਤਿਹਾਸਿਕ ਸਥਾਨ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਦਿਹਾੜਾ ਧੂਮਧਾਮ ਤੇ ਸਤਿਕਾਰ ਨਾਲ ਮਨਾਵਾਂਗੇ : ਮਾਨ



**ਨਵੀਂ ਦਿੱਲੀ, 20 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- "24 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵਾਂ ਸ਼ਹੀਦੀ ਦਿਹਾੜਾ ਆ ਰਿਹਾ ਹੈ ।ਗੁਰੂ ਸਾਹਿਬ ਨੇ ਇਨਸਾਨੀਅਤ ਤੇ ਮਨੁੱਖਤਾ ਦੀ ਰਾਖੀ ਲਈ ਸਮੇ ਦੀਆਂ ਹਕੂਮਤਾਂ ਦੇ ਜ਼ਬਰ ਜੁਲਮ ਅੱਗੇ ਈਨ ਨਾ ਮੰਨਕੇ ਅਤੇ ਆਪਣੀ ਮਹਾਨ ਸ਼ਹਾਦਤ ਦੇ ਕੇ ਸਮੁੱਚੇ ਸੰਸਾਰ ਦੇ ਲੋਕਾਂ ਨੂੰ ਕਿਸੇ ਵੀ ਜ਼ਬਰ ਅੱਗੇ ਨਾ ਝੁਕਣ ਅਤੇ ਮਨੁੱਖੀ ਹੱਕਾਂ ਦੀ ਹਰ ਕੀਮਤ ਤੇ ਰਾਖੀ ਕਰਨ ਦਾ ਮਨੁੱਖਤਾ ਪੱਖੀ ਸੰਦੇਸ਼ ਦਿੱਤਾ ਜਿਨ੍ਹਾਂ ਦੀਆਂ ਘਾਲਨਾਵਾਂ ਅਤੇ ਸ਼ਹਾਦਤਾਂ ਦੇ ਮਕਸਦ ਨੂੰ ਦੁਨੀਆਂ ਵਿਚ ਅੱਜ ਪ੍ਰਚਾਰਨ ਤੇ ਪ੍ਰਸਾਰਨ ਦੀ ਸਖਤ ਲੋੜ ਹੈ ਤਾਂ ਕਿ ਜਿਥੇ ਕਿਤੇ ਵੀ ਹੁਕਮਰਾਨ ਆਪਣੇ ਨਿਵਾਸੀਆਂ ਨਾਲ ਵਿਤਕਰੇ, ਬੇਇਨਸਾਫ਼ੀਆਂ, ਜ਼ਬਰ ਕਰ ਰਹੇ ਹਨ ।ਉਨ੍ਹਾਂ ਨੂੰ ਗੁਰੂ ਸਾਹਿਬ ਜੀ ਦੇ ਸੰਦੇਸ ਰਾਹੀ ਇਨਸਾਨੀਅਤ ਕਦਰਾਂ ਕੀਮਤਾਂ ਦੀ ਰਾਖੀ ਕਰਕੇ ਆਪਣੀ ਧਰਮੀ ਸੋਚ ਨੂੰ ਸੰਸਾਰ ਪੱਧਰ ਤੇ ਹੋਰ ਵਧੇਰੀ ਪ੍ਰਫੁੱਲਤਾ ਨਾਲ ਉਜਾਗਰ ਕੀਤਾ ਜਾ ਸਕੇ । ਪਰ ਦੁੱਖ ਅਤੇ ਅਫਸੋਸ ਹੈ ਕਿ ਜਿਸ ਸਿੱਖ ਕੌਮ ਦੀ ਸੰਸਥਾ ਐਸ.ਜੀ.ਪੀ.ਸੀ ਦੀ ਇਹ ਮੁੱਖ ਜਿੰਮੇਵਾਰੀ ਬਣਦੀ ਹੈ ਕਿ ਉਹ ਸਿੱਖਾਂ, ਮੁਸਲਮਾਨਾਂ, ਇਸਾਈਆ, ਦਲਿਤਾਂ, ਆਦਿਵਾਸੀਆਂ, ਨਾਗਿਆ, ਮਜਦੂਰ ਵਰਗ ਆਦਿ ਨਾਲ ਹੋ ਰਹੀਆ ਹਕੂਮਤੀ ਬੇਇਨਸਾਫ਼ੀਆਂ ਸੰਬੰਧੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਅਤੇ ਦਸਵੇ ਪਿਤਾ ਜੀ ਦੇ ਜਫਰਨਾਮੇ ਦੀ ਸੋਚ ਤੇ ਅਧਾਰਿਤ 'ਵਾਈਟ ਪੇਪਰ' ਤਿਆਰ ਕਰਕੇ ਇੰਡੀਆ ਦੇ ਹੁਕਮਰਾਨਾਂ ਨੂੰ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਉਲੰਘਣ ਵਿਰੁੱਧ ਚੁਣੌਤੀ ਦਿੰਦੇ ਹੋਏ ਇਸ ਜ਼ਬਰ ਨੂੰ ਬੰਦ ਕਰਵਾਉਣ ਦੀ ਜਿੰਮੇਵਾਰੀ ਨਿਭਾਈ ਜਾਵੇ ।ਉਸ ਵੱਲੋ ਇਸ ਮਹਾਨ ਦਿਹਾੜੇ ਨੂੰ ਸਹੀ ਦਿਸ਼ਾ ਵੱਲ ਮਨਾਉਣ ਦੀ ਬਜਾਇ ਇਸ ਮਾਰਚ ਨੂੰ ਗਵਾਲੀਅਰ ਤੋ ਸੁਰੂ ਕਰਕੇ ਸ੍ਰੀ ਆਨੰਦਪੁਰ ਸਾਹਿਬ ਤੱਕ ਸਮਾਪਤੀ ਕਰਨ ਤੱਕ ਸੀਮਤ ਰਹਿ ਗਏ ।ਇਹ ਮਾਰਚ ਦਿੱਲੀ ਪਹੁੰਚਣ ਤੇ ਉਥੇ ਬੀਜੇਪੀ- ਆਰ.ਐਸ.ਐਸ. ਸੋਚ ਵਾਲੇ ਸਮੂਲੀਅਤ ਕਰਦੇ ਹੋਏ ਇਸ ਨੂੰ ਹਿੰਦੂਤਵ ਰੂਪ ਹੀ ਦੇਣ ਦੇ ਅਮਲ ਕਰਨਗੇ ।ਜੋ ਇਸ ਸ਼ਹੀਦੀ ਦਿਵਸ ਦਾ ਸੰਸਾਰ ਪੱਧਰ ਦਾ ਮਕਸਦ ਹੈ, ਉਸ ਨੂੰ ਇਕ ਛੋਟੇ ਦਇਰੇ ਵਿਚ ਸੀਮਤ ਕਰ ਦੇਣਗੇ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 24 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇ ਸ਼ਹੀਦੀ ਦਿਹਾੜੇ ਦੇ ਅਸਲ ਮਕਸਦ ਨੂੰ ਉਜਾਗਰ ਕਰਨ ਨੂੰ ਲੈਕੇ ਦੀਨਾ ਕਾਂਗੜ (ਮੋਗਾ) ਦੇ ਇਤਿਹਾਸਿਕ ਸਥਾਂਨ ਉਤੇ ਪੂਰੀ ਧੂਮਧਾਮ ਅਤੇ ਅਤਿ ਸਤਿਕਾਰਿਤ ਢੰਗ ਨਾਲ ਇਸਦੇ ਮਕਸਦ ਨੂੰ ਪ੍ਰਚਾਰਨ ਤੇ ਪ੍ਰਸਾਰਨ ਨੂੰ ਲੈਕੇ ਮਨਾਉਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇਹ ਫੈਸਲਾ ਕੀਤਾ ਹੈ ਕਿ ਅਸੀ ਇਸ ਸ਼ਹੀਦੀ ਦੇ ਮਕਸਦ ਅਧੀਨ 22 ਨਵੰਬਰ ਤੋ ਲੈਕੇ 24 ਨਵੰਬਰ ਤੱਕ ਦੀਨਾ ਕਾਂਗੜ ਦੇ ਅਸਥਾਂਨ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਮਨੁੱਖੀ ਹੱਕਾਂ ਲਈ ਕੀਤੀਆ ਕੁਰਬਾਨੀਆਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਾਬਰ ਹਕੂਮਤ ਨੂੰ ਜ਼ਫ਼ਰਨਾਮੇ ਦੇ ਰੂਪ ਵਿਚ ਲਿਖੇ ਗਏ ਇਤਿਹਾਸਿਕ ਪੱਤਰ ਤੇ ਅਧਾਰਿਤ ਇਕ ਵਾਈਟ ਪੇਪਰ ਤਿਆਰ ਕਰਕੇ ਦੀਨਾ ਕਾਂਗੜ ਤੋ ਅਰਦਾਸ ਕਰਕੇ 5 ਪਿਆਰਿਆ ਦੇ ਰੂਪ ਵਿਚ ਇਹ ਪੱਤਰ ਲੈਕੇ ਦਿੱਲੀ ਰਾਸਟਰਪਤੀ ਭਵਨ ਵੱਲ ਕੂਚ ਕਰਨਗੇ ।ਜਿਸ ਵਿਚ ਸਿੱਖ, ਮੁਸਲਿਮ, ਇਸਾਈਆ, ਦਲਿਤਾਂ, ਆਦਿਵਾਸੀਆ, ਨਾਗਿਆ, ਕਸਮੀਰੀਆਂ ਆਦਿ ਸਭ ਵਰਗਾਂ ਜਿਨ੍ਹਾਂ ਉਤੇ ਹੁਕਮਰਾਨ ਜ਼ਬਰ ਤੇ ਬੇਇਨਸਾਫ਼ੀਆਂ ਕਰ ਰਿਹਾ ਹੈ ਅਤੇ ਜੋ ਲੱਖਾਂ ਦੀ ਗਿਣਤੀ ਵਿਚ ਸਾਡੇ ਸਿੱਖਾਂ ਨੂੰ ਝੂਠੇ ਪੁਲਿਸ ਮੁਕਾਬਲਿਆ ਵਿਚ ਸ਼ਹੀਦ ਕੀਤਾ ਗਿਆ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਾਜਸੀ ਢੰਗ ਨਾਲ ਅਪਮਾਨ ਕੀਤੇ ਗਏ, ਅਮਨਮਈ ਜਾਪ ਕਰ ਰਹੇ ਸਿੱਖਾਂ ਉਤੇ ਗੋਲੀ ਚਲਾਕੇ ਸ਼ਹੀਦ ਕੀਤੇ ਗਏ, 328 ਪਾਵਨ ਸਰੂਪ ਲਾਪਤਾ ਕੀਤੇ ਗਏ, ਡੇਰੇਦਾਰ ਦੇ ਸਾਧਾਂ ਦੀ ਸਰਪ੍ਰਸਤੀ ਕਰਕੇ ਸਰਬੱਤ ਦਾ ਭਲਾ ਲੋੜਨ ਵਾਲੀ ਸਿੱਖ ਕੌਮ ਨੂੰ ਬਦਨਾਮ ਕਰਨ ਦੇ ਅਮਲ ਕੀਤੇ ਗਏ, ਬਾਹਰਲੇ ਮੁਲਕਾਂ ਵਿਚ ਮੋਦੀ ਹਕੂਮਤ ਤੇ ਉਸਦੀ ਚੰਡਾਲ ਚੌਕੜੀ ਵੱਲੋ ਸਿੱਖਾਂ ਦੇ ਸਾਜਸੀ ਢੰਗ ਨਾਲ ਕਤਲ ਕਰਵਾਏ ਗਏ, ਸ. ਜਸਵੰਤ ਸਿੰਘ ਖਾਲੜਾ ਦੁਆਰਾ 25 ਹਜਾਰ ਲਾਵਾਰਿਸ ਲਾਸਾਂ ਨੂੰ ਦਰਿਆਵਾ ਵਿਚ ਰੋੜਿਆ ਗਿਆ ਅਤੇ ਸਮਸਾਨਘਾਟਾਂ ਵਿਚ ਸੰਸਕਾਰ ਕੀਤੇ ਗਏ, 30-30 ਸਾਲਾਂ ਤੋ ਸਿੱਖਾਂ ਨੂੰ ਜ਼ਬਰੀ ਬੰਦੀ ਬਣਾਕੇ ਰੱਖਿਆ ਹੋਇਆ ਹੈ ।ਪੰਜਾਬ ਦੇ ਪਾਣੀਆਂ, ਬਿਜਲੀ ਸਭ ਸੋਮਿਆ ਨੂੰ ਜ਼ਬਰੀ ਲੁੱਟਿਆ ਗਿਆ, ਹੁਣ ਪੰਜਾਬ ਨੂੰ ਤੀਜੀ ਵਾਰ ਫਿਰ ਸਾਜਸੀ ਢੰਗ ਨਾਲ ਡੋਬਿਆ ਗਿਆ, ਨਿਰੰਤਰ ਘੱਟ ਗਿਣਤੀ ਕੌਮਾਂ ਉਤੇ ਜਬਰ ਜਾਰੀ ਹੈ, ਇਨ੍ਹਾਂ ਸਭ ਬੇਇਨਸਾਫ਼ੀਆਂ ਤੇ ਅਧਾਰਿਤ ਵਾਈਟ ਪੇਪਰ ਤਿਆਰ ਕਰਕੇ ਇਸ ਜ਼ਬਰ ਨੂੰ ਖਤਮ ਕਰਨ ਸੰਬੰਧੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਸੰਬੰਧੀ ਵਾਈਟ ਪੇਪਰ ਦਿੱਤਾ ਜਾਵੇਗਾ ।ਇਸ ਸੰਬੰਧ ਵਿਚ ਸਭ ਕੌਮਾਂ, ਵਰਗਾਂ ਤੇ ਅਧਾਰਿਤ ਸਮੂਹਿਕ ਰੂਪ ਵਿਚ 22 ਨਵੰਬਰ ਤੇ 24 ਨਵੰਬਰ ਤੱਕ ਵੱਖ-ਵੱਖ ਦਿਸਾਵਾਂ ਤੋਂ ਦੀਨਾ ਕਾਂਗੜ ਲਈ ਮਨੁੱਖੀ ਤੇ ਇਨਸਾਨੀ ਹੱਕਾਂ ਦੀ ਰਾਖੀ ਲਈ ਮਾਰਚ ਕੱਢਦੇ ਹੋਏ ਇਸ ਸ਼ਹੀਦੀ ਦਿਹਾੜੇ ਤੇ ਇਹ ਮਾਰਚ ਪਹੁੰਚਣਗੇ ।ਜਿਸਦੇ ਆਖਰੀ ਹੋਣ ਵਾਲੇ ਫੈਸਲਿਆ ਤੇ ਵਿਚਾਰਾਂ ਕਰਨ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਪੀ.ਏ.ਸੀ ਮੈਬਰਾਨ, ਜ਼ਿਲ੍ਹਾ ਪ੍ਰਧਾਨਾਂ ਦੀ ਇਕ ਜ਼ਰੂਰੀ ਇਕੱਤਰਤਾ 22 ਸਤੰਬਰ ਨੂੰ ਦੀਨਾ ਕਾਂਗੜ ਵਿਖੇ ਰੱਖੀ ਗਈ ਹੈ ।ਜਿਸ ਵਿਚ ਉਪਰੋਕਤ ਸਭ ਮੈਬਰਾਂ ਨੂੰ ਸਮੇ ਨਾਲ ਪਹੁੰਚਣ ਦੀ ਅਪੀਲ ਕੀਤੀ ਗਈ ਹੈ।

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਦਿੱਲੀ ਸਰਕਾਰ ਦੇ ਸਹਿਯੋਗ ਨਾਲ ਸਰਬ ਧਰਮ ਸੰਮੇਲਨ ਦਾ ਆਯੋਜਨ








**ਨਵੀਂ ਦਿੱਲੀ, 20 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਮੌਕੇ ’ਤੇ ਦਿੱਲੀ ਸਰਕਾਰ ਦੇ ਸਹਿਯੋਗ ਨਾਲ ਵਿਸ਼ਾਲ ਸਰਬ ਧਰਮ ਸੰਮੇਲਨ ਕਰਵਾਇਆ ਗਿਆ ਜਿਸ ਵਿਚ ਵੱਖ-ਵੱਖ ਧਰਮ ਗੁਰੂ ਉਚੇਚੇ ਤੌਰ ’ਤੇ ਸ਼ਾਮਲ ਹੋਏ। ਸਮਾਗਮ ਵਿਚ ਵਿਸ਼ੇਸ਼ ਮਹਿਮਾਨ ਵਜੋਂ ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਤੇ ਸ੍ਰੀ ਕਪਿਲ ਮਿਸ਼ਰਾ ਪਹੁੰਚੇ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਧਰਮ ਪ੍ਰਚਾਰ ਚੈਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਉਹ ਦਿੱਲੀ ਸਰਕਾਰ ਦੇ ਧੰਨਵਾਦੀ ਹਨ ਜਿਹਨਾਂ ਦੇ ਵੱਡਮੁੱਲੇ ਸਹਿਯੋਗ ਨਾਲ ਇਹ ਦਾ ਇਹ ਸਮਾਗਮ ਹੋ ਰਿਹਾ ਹੈ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੀ ਦੁਨੀਆਂ ਵਿਚ ਕੋਈ ਦੂਜੀ ਮਿਸਾਲ ਨਹੀਂ ਮਿਲਦੀ। ਗੁਰੂ ਸਾਹਿਬ ਨੇ ਦੂਜੇ ਧਰਮ ਦੀ ਰਾਖੀ ਵਾਸਤੇ ਸ਼ਹਾਦਤ ਦੇ ਕੇ ਨਿਵੇਕਲਾ ਇਤਿਹਾਸ ਰਚਿਆ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਇਸ ਵਾਰ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਰਾ ਸਾਲ ਦੇ ਪ੍ਰੋਗਰਾਮ ਉਲੀਕੇ ਹਨ ਜੋ ਚਲ ਰਹੇ ਹਨ ਤੇ ਇਹਨਾਂ ਦੀ ਲੜੀ ਤਹਿਤ ਹੀ ਅੱਜ ਦਾ ਸਰਬ ਧਰਮ ਸੰਮੇਲਨ ਹੋ ਰਿਹਾ ਹੈ। ਇਸ ਮੌਕੇ ਉਹਨਾਂ ਨੇ ਸਿੱਖ ਕੌਮ ਨੂੰ ਇਕਜੁੱਟ ਹੋਣ ਦੀ ਅਪੀਲ ਵੀ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ 2022 ਵਿਚ ਲਾਲ ਕਿਲ੍ਹੇ ’ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਸੀ ਕਿ ਜੇਕਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨਾ ਹੁੰਦੀ ਤਾਂ ਨਾ ਦੇਸ਼ ਦੀਆਂ ਮੌਜੂਦਾ ਸਰਹੱਦਾਂ ਹੋਣੀਆਂ ਸਨ ਤੇ ਨਾ ਹੀ ਲੋਕ ਹੋਣੇ ਸਨ। ਉਹਨਾਂ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਇਹੀ ਕਿਹਾ ਕਿ ਜੇਕਰ ਦੇਸ਼ ਸੁਰੱਖਿਅਤ ਹੈ ਤਾਂ ਇਸ ਪਿੱਛੇ ਗੁਰੂ ਸਾਹਿਬ ਦੀ ਸ਼ਹਾਦਤ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਇਹ ਸੋਚਿਆ ਕਿ ਮਨੁੱਖਤਾ ’ਤੇ ਸੰਕਟ ਆਇਆ ਹੈ ਤਾਂ ਮੈਂ ਆਪਣੀ ਸ਼ਹਾਦਤ ਦੇ ਕੇ ਇਸ ਸੰਕਟ ਦਾ ਟਾਕਰਾ ਕਰਨਾ ਹੈ ਕਿਉਂਕਿ ਸਮਾਜ ਵਿਚ ਸਾਰੇ ਮਨੁੱਖ ਸਭ ਬਰਾਬਰ ਹਨ। ਉਹਨਾਂ ਕਿਹਾ ਕਿ ਇਹ ਗੁਰੂ ਸਾਹਿਬ ਦੀ ਹੀ ਕ੍ਰਿਪਾ ਹੈ ਕਿ ਜਿਹਨਾਂ ਨੇ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦੇ ਹੁਕਮ ਸੁਣਾਏ, ਅੱਜ ਉਹਨਾਂ ਦਾ ਨਾਂ ਲੈਣ ਵਾਲਾ ਕੋਈ ਨਹੀਂ ਜਦੋਂ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਉਸਤਤ ਕਰਨ ਵਾਲਿਆਂ ਦੀ ਗਿਣਤੀ ਕਰੋੜਾਂ ਅਰਬਾਂ ਵਿਚ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਕਪਿਲ ਮਿਸ਼ਰਾ ਨੇ ਦੱਸਿਆ ਕਿ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਦੀ ਅਗਵਾਈ ਹੇਠ ਗੁਰੂ ਤੇਗ ਬਹਾਦਰ ਸਾਹਿਬ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣ ਵਾਸਤੇ ਵਿਆਪਕ ਯੋਜਨਾ ਉਲੀਕੀ ਗਈ। ਉਹਨਾਂ ਦੱਸਿਆ ਕਿ ਨਵੰਬਰ ਮਹੀਨੇ ਵਿਚ ਲਾਲ ਕਿਲ੍ਹੇ ’ਤੇ ਤਿੰਨ ਦਿਨਾਂ ਸਮਾਗਮ ਹੋਣਗੇ ਜਿਹਨਾਂ ਵਿਚ ਕੀਰਤਨ ਵੀ ਹੋਵੇਗਾ ਤੇ ਅਸਥਾਈ ਮਿਊਜ਼ੀਅਮ ਵੀ ਬਣੇਗਾ। ਉਹਨਾਂ ਦੱਸਿਆ ਕਿ ਇਕ ਮਹੀਨੇ ਤੱਕ ਲਾਈਟ ਐਂਡ ਸਾਊਂਡ ਸ਼ੋਅ ਚੱਲੇਗਾ ਜਦੋਂ ਕਿ ਅਸੀਂ ਗੁਰੂ ਤੇਗ ਬਹਾਦਰ ਸਾਹਿਬ ਦੀ ਯਾਦਗਾਰ ਵਿਚ ਲੋੜੀਂਦਾ ਸੁਧਾਰ ਵੀ ਕਰ ਰਹੇ ਹਾਂ। ਸਮਾਗਮ ਵਿਚ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ, ਗਿਆਨੀ ਰਘਬੀਰ ਸਿੰਘ, ਸਵਾਮੀ ਚਿਦਾਨੰਦ ਸਰਸਵਤੀ, ਸ੍ਰੀ ਗੋਸਵਾਮੀ ਸੁਸ਼ੀਲ ਜੀ, ਸ੍ਰੀ ਭੀਖੂ ਸੰਘਾਸੈਨਾ ਜੀ, ਹਾਜੀ ਸਈਦ ਸਲਮਾਨ ਚਿਸ਼ਤੀ ਜੀ, ਸ੍ਰੀ ਰੱਬੀ ਈ ਆਈ ਮਾਲੇਕਰ ਜੀ, ਰਾਜਯੋਗਿਨੀ ਡਾ. ਬਿੰਨੀ ਸਰੀਨ ਜੀ, ਸ੍ਰੀ ਰਵਿੰਦਰ ਪੰਡਤਾ ਜੀ, ਡਾ. ਅਨਿਲ ਜੋਸਫ ਥਾਮਸ ਜੀ, ਸ੍ਰੀ ਸ੍ਰੀ ਰਵੀਸ਼ੰਕਰ ਵੱਲੋਂ ਸਵਾਮੀ ਭਵਤੇਜ ਜੀ, ਗਿਆਨੀ ਰਣਜੀਤ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ ਡਾ. ਲੋਕੇਸ਼ ਮੁਨੀ ਅਤੇ ਸ੍ਰੀ ਗੋਸਵਾਮੀ ਸੁਸ਼ੀਲ ਜੀ ਮਹਾਰਾਜ ਜੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੀ ਉਸਤਤ ਕੀਤੀ ਅਤੇ ਦੱਸਿਆ ਕਿ ਕਿਵੇਂ ਭਾਰਤ ਦਾ ਮੌਜੂਦਾ ਸਰੂਪ ਗੁਰੂ ਸਾਹਿਬ ਦੀ ਸ਼ਹਾਦਤ ਦੇ ਸਦਕਾ ਹੀ ਹੈ। ਇਸ ਮੌਕੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਅਤੇ ਸ੍ਰੀ ਕਪਿਲ ਮਿਸ਼ਰਾ ਨੂੰ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਸੀਨੀਅਰ ਮੀਤ ਪ੍ਰਧਾਨ ਸਰਦਾਰ ਹਰਵਿੰਦਰ ਸਿੰਘ ਕੇ.ਪੀ., ਮੀਤ ਪ੍ਰਧਾਨ ਸਰਦਾਰ ਆਤਮਾ ਸਿੰਘ ਲੁਬਾਣਾ ਅਤੇ ਜੁਆਇੰਟ ਸਕੱਤਰ ਸਰਦਾਰ ਜਸਮੇਨ ਸਿੰਘ ਨੋਨੀ ਵੱਲੋਂ ਦੁਸ਼ਾਲਾ ਤੇ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ ਜਦੋਂ ਕਿ ਦੋਵਾਂ ਕੈਬਨਿਟ ਮੰਤਰੀਆਂ ਨੇ ਪ੍ਰਬੰਧਕਾਂ ਨਾਲ ਮਿਲ ਕੇ ਆਏ ਸੰਤਾਂ ਮਹਾਂਪੁਰਖਾਂ ਦਾ ਸਨਮਾਨ ਕੀਤਾ। ਸਮਾਗਮ ਵਿਚ ਮੰਚ ਸੰਚਾਲਨ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕੀਤਾ ਜਦੋਂ ਕਿ ਸਮਾਗਮ ਦੇ ਆਯੋਜਨ ਵਿਚ ਗਿਆਨੀ ਰਣਜੀਤ ਸਿੰਘ ਅਤੇ ਕਮੇਟੀ ਮੈਂਬਰ ਸਰਦਾਰ ਪਰਮਜੀਤ ਸਿੰਘ ਚੰਢੋਕ ਨੇ ਅਹਿਮ ਭੂਮਿਕਾ ਅਦਾ ਕੀਤੀ। ਸਮਾਗਮ ਵਿਚ ਸਰਦਾਰ ਤਰਲੋਚਨ ਸਿੰਘ ਸਾਬਕਾ ਐਮ ਪੀ, ਸਰਦਾਰ ਵਿਕਰਮਜੀਤ ਸਿੰਘ ਸਾਹਨੀ ਮੈਂਬਰ ਪਾਰਲੀਮੈਂਟ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

### ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੇ ਭਾਰਤ ਦੇ ਮੌਜੂਦਾ ਸਰੂਪ ਲਈ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਨਮਨ ਕੀਤਾ

# ਲੁਧਿਆਣਾ ਰੇਲਵੇ ਸਟੇਸ਼ਨ ਤੋਂ ਅਗ਼ਵਾ ਬੱਚਾ ਬਰਾਮਦ, ਮੁਲਜ਼ਮ ਮਹਿਲਾ ਭਰਾ ਸਮੇਤ ਕਾਬੂ, ਬੱਚਾ ਚੋਰੀ ਪਿੱਛੇ ਹੈਰਾਨੀਜਨਕ ਖੁਲਾਸੇ

**ਲੁਧਿਆਣਾ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਰੇਲਵੇ ਸਟੇਸ਼ਨ ਤੋਂ ਬੀਤੇ ਦਿਨੀ ਅਗ਼ਵਾ ਹੋਏ ਬੱਚੇ ਦੇ ਮਾਮਲੇ ਵਿੱਚ ਪੁਲਿਸ ਨੂੰ ਵੱਡੀ ਸਫਲਤਾ ਹੱਥ ਲੱਗੀ ਹੈ। ਜੀਆਰਪੀ ਪੁਲਿਸ ਨੇ 72 ਘੰਟਿਆਂ ਵਿੱਚ ਮਾਮਲੇ ਨੂੰ ਹੱਲ ਕਰਕੇ ਮੁਲਜ਼ਮ ਮਹਿਲਾ ਤੇ ਉਸ ਦੇ ਮੂੰਹ ਬੋਲਿਆ ਭਰਾ ਨੂੰ ਕਾਬੂ ਕਰਕੇ ਬੱਚਾ ਬਰਾਮਦ ਕਰ ਲਿਆ ਹੈ। ਪੁਲਿਸ ਨੇ ਮੁਲਜ਼ਮਾਂ ਨੂੰ ਗਿਆਸਪੁਰਾ ਇਲਾਕੇ ਵਿੱਚ ਟਰੇਸ ਕਰਕੇ ਮਾਮਲਾ ਹੱਲ ਕੀਤਾ। ਜਾਣਕਾਰੀ ਅਨੁਸਾਰ ਮਹਿਲਾ ਮੁਲਜ਼ਮ ਦੀ ਪਛਾਣ ਅਨੀਤਾ ਵੱਜੋਂ ਹੋਈ ਹੈ, ਜਿਸ ਨੇ ਮੁੱਢਲੀ ਪੁੱਛਗਿੱਛ ਦੌਰਾਨ ਖੁਲਾਸਾ ਕੀਤਾ ਕਿ ਉਸ ਦੇ ਪਹਿਲਾਂ ਦੋ ਜੁੜਵਾ ਬੱਚਿਆਂ ਦੀ ਮੌਤ ਹੋ ਗਈ ਸੀ, ਜਿਸ ਕਾਰਨ ਉਸ ਨੂੰ ਇਹ ਬੱਚਾ ਪਸੰਦ ਆਇਆ ਅਤੇ ਅਗ਼ਵਾ ਕਰ ਲਿਆ। ਦੱਸ ਦਈਏ ਕਿ ਬੱਚੇ ਦੀ ਮਾਂ ਲਾਲਤੀ ਦੇਵੀ ਯੂਪੀ ਤੋਂ ਲੁਧਿਆਣਾ ਆਪਣੇ ਪਤੀ ਕੋਲ ਆਈ ਸੀ ਅਤੇ ਪਤੀ ਫੈਕਟਰੀ ਵਿੱਚ ਰਾਤ ਦੀ ਡਿਊਟੀ ਹੋਣ ਕਾਰਨ ਮਿਲ ਨਹੀਂ ਸਕਿਆ, ਜਿਸ ਕਾਰਨ ਲਾਲਤੀ ਦੇਵੀ ਰਾਤ ਜਿਆਦਾ ਹੋਣ ਕਾਰਨ ਰੇਲਵੇ ਸਟੇਸ਼ਨ ’ਤੇ ਹੀ ਸੋਂ ਗਈ। ਇਸ ਦੌਰਾਨ ਮੁਲਜ਼ਮ ਅਨੀਤਾ ਤੇ ਉਸ ਦਾ ਮੂੰਹ ਬੋਲਿਆ ਭਰਾ ਉਥੇ ਹੀ ਬੈਠੇ ਸਨ, ਜਦੋਂ ਮਹਿਲਾ ਸੋ ਗਈ ਤਾਂ ਮੁਲਜ਼ਮ ਬੱਚਾ ਚੁੱਕ ਕੇ ਫਰਾਰ ਹੋ ਗਏ ਸਨ। ਇਹ ਸਾਰੀ ਘਟਨਾ ਸੀਸੀਟੀਵੀ ਵਿੱਚ ਕੈਦ ਹੋ ਗਈ ਸਪੀ। ਉਧਰ, ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਐਸਪੀ ਰੇਲਵੇ ਬਲਰਾਮ ਸਿੰਘ ਰਾਣਾ ਨੇ ਦੱਸਿਆ ਕਿ 16 ਤੇ 17 ਤਰੀਕ ਦੀ ਦਰਮਿਆਨੀ ਰਾਤ ਨੂੰ ਯੂਪੀ ਤੋਂ ਆਈ ਮਹਿਲਾ ਲਾਲਤੀ ਦੇਵੀ ਜੋ ਆਪਣੇ ਪਤੀ ਕੋਲ ਲੁਧਿਆਣਾ ਆਈ ਸੀ ਦੱਸ ਦਈਏ ਕਿ ਉਸਦਾ ਪਤੀ ਫੈਕਟਰੀ ਵਿੱਚ ਨਾਈਟ ਡਿਊਟੀ ਹੋਣ ਕਾਰਨ ਉਸ ਨੂੰ ਲੈਣ ਨਹੀਂ ਆਇਆ ਜਿਸ ਕਾਰਨ ਉਹ ਰੇਲਵੇ ਸਟੇਸ਼ਨ ਤੇ ਹੀ ਸੋ ਗਈ ਅਤੇ ਇਸੇ ਦੌਰਾਨ ਉਸ ਦੇ ਨਾਲ ਬੈਠੀ ਮਹਿਲਾ ਅਨੀਤਾ ਅਤੇ ਉਸਦੇ ਸਾਥੀ ਨੇ ਉਸਦੇ ਬੱਚਿਆਂ ’ਤੇ ਨਜ਼ਰ ਰੱਖੀ ਅਤੇ ਉਸ ਦੇ ਛੋਟੇ ਇੱਕ ਸਾਲਾ ਬੇਟੇ ਨੂੰ ਚੁੱਕ ਫਰਾਰ ਹੋ ਗਈ, ਜਿਸ ਤੋਂ ਬਾਅਦ ਪੁਲਿਸ ਨੂੰ ਇਸ ਘਟਨਾ ਦਾ ਪਤਾ ਚੱਲਿਆ ਤਾਂ ਪੁਲਿਸ ਨੇ ਤੁਰੰਤ ਹੀ ਹਰਕਤ ਵਿੱਚ ਆਉਂਦੇ ਹੋਏ ਵੱਖ ਵੱਖ ਟੀਮਾਂ ਦਾ ਗਠਨ ਕਰਕੇ 72 ਘੰਟਿਆਂ ਦੇ ਦਰਮਿਆਨ ਹੀ ਬੱਚੇ ਨੂੰ ਸਹੀ ਸਲਾਮਤ ਬਰਾਮਦ ਕੀਤਾ ਹੈ। ਉਹਨਾਂ ਕਿਹਾ ਕਿ ਜਿੱਥੇ ਆਰੋਪੀ ਮਹਿਲਾ ਅਨੀਤਾ ਦੇ ਪਹਿਲਾਂ 15 ਸਾਲਾਂ ਕੁੜੀ ਹੈ ਅਤੇ ਇਸ ਦਾ ਪਤੀ ਵੀ ਇਸ ਤੋਂ ਅਲੱਗ ਰਹਿੰਦਾ ਹੈ ਕਿਹਾ ਕਿ ਉਕਤ ਮਹਿਲਾ ਅਤੇ ਇਸ ਦੇ ਸਾਥੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਹੈ।



# ਸ਼ਿਵਨਾਥ ਮੋਗਾ ਚੌਂਕੀ ਵਾਲੇ ਬਾਬੇ ਵੱਲੋਂ ਲੋਕਾਂ ਨੂੰ ਗੁੰਮਰਾਹ ਕਰਕੇ ਲੱਖਾਂ ਰੁਪਏ ਦੀ ਠੱਗੀਆਂ ਮਾਰਨ ਸਬੰਧੀ ਐਸ ਐਸ ਪੀ ਨੂੰ ਦਿੱਤਾ ਮੰਗ ਪੱਤਰ





**ਮੋਗਾ, 20 ਜੁਲਾਈ (ਗੁਰਪ੍ਰੀਤ ਸਿੰਘ)** - ਮੋਗਾ ਦੇ ਸ਼ਿਵਨਾਥ ਚੌਂਕੀ ਵਾਲੇ ਬਾਬੇ ਵੱਲੋਂ ਢੋਂਗ ਰਚਾ ਲੋਕਾਂ ਨਾਲ ਠੱਗੀਆਂ ਮਾਰ ਗੁੰਮਰਾਹ ਕਰਨ ਸਬੰਧੀ ਸੰਤ ਮਨਪ੍ਰੀਤ ਸਿੰਘ ਫਰੀਦਕੋਟ ਅਤੇ ਜਥੇ ਕਰਮਜੀਤ ਸਿੰਘ ਦੀ ਅਗਵਾਈ ਚ ਮੋਗਾ ਐਸ ਐਸ ਪੀ ਨੂੰ ਦਿੱਤਾ ਮੰਗ ਪੱਤਰ । ਇਸ ਸਬੰਧੀ ਗੱਲਬਾਤ ਕਰਦਿਆਂ ਸੰਤ ਮਨਪ੍ਰੀਤ ਸਿੰਘ ਨੇ ਕਿਹਾ ਕਿ ਪਿਛਲੇ ਕਾਫੀ ਸਮੇਂ ਤੋਂ ਨਾਥ ਨਾਮ ਦੇ ਵਿਅਕਤੀ ਜੋ ਕਿ ਮੋਗਾ ਤੋਂ ਬਾਘਾਪੁਰਾਣਾ ਰੋਡ ਉਪਰ ਆਪਣਾ ਅੱਡਾ ਬਣਾ ਕੇ ਦੇਵੀ ਦੇਵਤਿਆਂ ਪੀਰਾਂ ਪੈਗੰਬਰਾਂ ਦੀਆਂ ਫੋਟੋਆਂ ਲਗਾ ਕੇ ਸਿਰ ਘੁਮਾਉਣ, ਪੁੱਛਾਂ ਦੇਣ ਸਬੰਧੀ ਵੱਡੇ ਵੱਡੇ ਰੋਗਾਂ ਦੇ ਇਲਾਜ ਕਰਨ ਸਬੰਧੀ ਸਿਗਰਟਾਂ ਨਸ਼ੇ ਆਦਿ ਕਰਕੇ ਭੋਲੇ ਭਾਲੇ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਹੈ।

ਉਹਨਾਂ ਕਿਹਾ ਇਹ ਪਹਿਲਾਂ ਆਪ ਵੀ ਨਸ਼ੇ ਦਾ ਆਦੀ ਹੈ ਅਤੇ ਆਪਣੇ ਆਪ ਨੂੰ ਰੱਬ ਸਮਝਦਾ ਹੈ ਉਹਨਾਂ ਕਿਹਾ ਕਿ ਇਹ ਇਨਾ ਗਲਤ ਸ਼ਬਦਾਵਲੀ ਦੀ ਵਰਤੋਂ ਕਰਦਾ ਹੈ ਕਿ ਜੋ ਇਹਨਾਂ ਦੱਸਣ ਯੋਗ ਨਹੀਂ ਹੈ ਇਸ ਖਿਲਾਫ ਕਾਨੂੰਨੀ ਕਾਰਵਾਈ ਦੀ ਮੰਗ ਕਰਦਿਆਂ ਉਹਨਾਂ ਜਿਲਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ 20 ਦਿਨਾਂ ਦੇ ਵਿੱਚ ਵਿੱਚ ਪੁਲਿਸ ਪ੍ਰਸ਼ਾਸਨ ਵੱਲੋਂ ਇਸ ਦਾ ਇਹ ਤੋਂ ਬੰਦ ਕਰਵਾਇਆ ਜਾਵੇ ਉਹਨਾਂ ਕਿਹਾ ਕਿ ਅਸੀਂ ਇਸ ਨਾਲ ਬੈਠ ਕੇ ਮੀਡੀਆ ਸਾਹਮਣੇ ਰੂਬਰੂ ਸਵਾਲ ਜਵਾਬ ਕਰਨੇ ਹਨ ਅਤੇ ਸ਼ਾਂਤਮਈ ਤਰੀਕੇ ਨਾਲ ਸਵਾਲ ਜਵਾਬ ਕਰਦੇ ਨਾਲ ਜੇਕਰ ਪੁਲਿਸ ਪ੍ਰਸ਼ਾਸਨ ਸ਼ਾਂਤਮਈ ਤਰੀਕੇ ਨਾਲ ਸਵਾਲ ਜਵਾਬ ਨਹੀਂ ਕਰਵਾਉਂਦਾ ਉਹਨਾਂ ਦਾ ਤਾਂ ਅਸੀਂ 6 ਅਕਤੂਬਰ ਤੋਂ ਬਾਅਦ ਗੁਰੂ ਦੀਆਂ ਲਾਡਲੀਆਂ ਫੌਜਾਂ ਨਹਿੰਗ ਸਿੰਘ ਜਥੇਬੰਦੀਆਂ ਪੰਥਕ ਜਥੇਬੰਦੀਆਂ ਨੂੰ ਲੈ ਕੇ ਇਸ ਦੇ ਅੱਡੇ ਉੱਪਰ ਪਹੁੰਚ ਜਾਵਾਂਗੇ ਅਤੇ ਫਿਰ ਕੋਈ ਵੀ ਅਨਹੋਵੇ ਘਟਨਾ ਵਾਪਰਦੀ ਹੈ ਤਾਂ ਇਸ ਦੀ ਜਿੰਮੇਵਾਰ ਮੋਗਾ ਪੁਲਿਸ ਪ੍ਰਸ਼ਾਸਨ ਹੋਵੇਗੀ। ਇਸ ਮੌਕੇ ਪੰਥਕ ਜਥੇਬੰਦੀਆਂ ਦੇ ਆਗੂ ਅਤੇ ਗੁਰੂ ਦੀਆਂ ਲਾਡਲੀਆਂ ਫੌਜਾ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ



ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ



ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)



ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)




ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖ਼ਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

**ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।**



ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV

### ਇੰਗਲੈਂਡ ਵਿੱਚ ਭਾਈ ਕਪਤਾਨ ਸਿੰਘ 'ਤੇ ਜਾਨਲੇਵਾ ਹਮਲੇ ਦੀ ਨਿੰਦਾ

# ਇਹ ਗੁਰੂ ਘਰ ਦੀ ਬੇਅਦਬੀ ਅਤੇ ਪੂਰੀ ਕੌਮ 'ਤੇ ਹਮਲਾ, ਯੂ ਕੇ ਸਰਕਾਰ ਤੋਂ ਸਖ਼ਤ ਕਾਰਵਾਈ ਦੀ ਮੰਗ: ਬਾਬਾ ਸਤਨਾਮ ਸਿੰਘ ਵੱਲੀਆਂ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਪੰਜਾਬ





**ਫਿਰੋਜ਼ਪੁਰ 20 ਸਤੰਬਰ (ਸ਼ਾਂਤ)**-ਪਿਛਲੇ ਦਿਨੀਂ ਭਾਈ ਕਪਤਾਨ ਸਿੰਘ ਤੇ ਭਾਈ ਕਪਤਾਨ ਸਿੰਘ ਤੇ ਹੋਏ ਜਾਨਲੇਵਾ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਦੱਸਿਆ ਕਿ 14 ਸਤੰਬਰ ਨੂੰ ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟਦ ਬਰਮਿੰਘਮ ਵਿੱਚ ਵਾਪਰੀ ਘਟਨਾ ਨੇ ਸਿੱਖ ਕੌਮ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਬਾਅਦ ਧਾਰਮਿਕ ਸਮਾਗਮ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਦੇ ਯੂ ਕੇ ਦੇ ਬੁਲਾਰੇ ਅਤੇ ਇੰਗਲੈਂਡ ਇਕਾਈ ਪ੍ਰਧਾਨ ਭਾਈ ਕਪਤਾਨ ਸਿੰਘ ਉਪਰ ਕੁਝ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਅਚਾਨਕ ਜਾਨਲੇਵਾ ਹਮਲਾ ਕੀਤਾ ਗਿਆ। ਇਸ ਹਮਲੇ ਵਿੱਚ ਭਾਈ ਕਪਤਾਨ ਸਿੰਘ ਗੰਭੀਰ ਜ਼ਖ਼ਮੀ ਹੋਏ ਹਨ ਜਿਨ੍ਹਾਂ ਨੂੰ ਤਰੁੰਤ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਬਾਬਾ ਸਤਨਾਮ ਸਿੰਘ ਵੱਲੀਆਂ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਵਿੱਚ ਭਾਈ ਕਪਤਾਨ ਸਿੰਘ ਤੇ ਕੀਤਾ ਗਿਆ ਹਮਲਾ ਪੂਰੀ ਕੌਮ ਤੇ ਹਮਲਾ ਹੈ। ਕਿਉਂਕਿ ਸ਼ਰਾਰਤੀ ਅਨਸਰਾਂ ਵੱਲੋਂ ਗੁਰਦੁਆਰਾ ਸਾਹਿਬ ਜੀ ਦੀ ਪਵਿੱਤਰਤਾ ਭੰਗ ਕੀਤਾ ਗਿਆ ਹੈ। ਇਸ ਹਮਲੇ ਨੂੰ ਲੈ ਕੇ ਪੰਜਾਬ ਦੀਆਂ ਸਮੂਹ ਸਿੱਖ ਸੰਗਤਾਂ ਗੁੱਸੇ ਦੀ ਲਹਿਰ ਹੈ ਅਤੇ ਯੂ ਕੇ ਸਰਕਾਰ ਪਾਸੋਂ ਇਸ ਹਮਲੇ ਦੀ ਜਾਂਚ ਕਰਕੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਬਾਬਾ ਜੀ ਨੇ ਅੱਗੇ ਦੱਸਿਆ ਕਿ ਭਾਈ ਕਪਤਾਨ ਸਿੰਘ ਤੇ ਹਮਲਾ ਬਰਦਾਸ਼ਤ ਤੋਂ ਬਾਹਰ ਹੈ ਜੋ ਸਹਿਣ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮੂਹ ਇੰਟਰਨੈਸ਼ਨਲ ਪੰਥਕ ਦਲ ਭਾਈ ਕਪਤਾਨ ਸਿੰਘ ਚਟਾਨਾਂ ਵਾਂਗ ਖੜ੍ਹਾ ਹੈ।

# ਜਿਨਾ ਸਰਕਾਰੀ ਸੈਟੇਲਾਈਟਾਂ ਨੂੰ ਪਰਾਲੀ ਦਾ ਧੂਆਂ ਪੰਜ ਮਿੰਟ ਵਿੱਚ ਦਿਖਾਈ ਦਿੰਦਾ, ਉਹਨਾਂ ਸੈਟੇਲਾਈਟਾਂ ਨੂੰ ਪਾਣੀ ਵਿੱਚ ਡੁੱਬੀ ਲੱਖਾਂ ਏਕੜ ਫਸਲ ਅਤੇ ਬਰਬਾਦ ਹੋਏ ਘਰ ਦਿਖਾਈ ਨਹੀਂ ਦਿੱਤੇ

### ਹੜ੍ਹਾਂ ਦੀ ਮਾਰ ਹੇਠ ਆਏ ਕਿਸਾਨਾਂ ਦੀ ਜਮੀਨ ਪੱਧਰੀ ਕਰ ਬੀਕੇਯੂ ਏਕਤਾ ਸਿੱਧੂਪੁਰ ਵੱਲੋਂ ਬਿਜਾਈ ਜਾਵੇਗੀ ਫਸਲ



**ਤਰਨ ਤਾਰਨ, ਫਰੀਦਕੋਟ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਜਿਲਾ ਫਰੀਦਕੋਟ ਦੀ ਵਿਸ਼ੇਸ਼ ਮੀਟਿੰਗ ਜਿਲਾ ਪ੍ਰਧਾਨ ਬੋਹੜ ਸਿੰਘ ਰੁਪੱਈਆ ਵਾਲਾ ਦੀ ਅਗਵਾਈ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮੱਗਰੀ ਪਹੁੰਚਾਉਣ ਅਤੇ ਜਮੀਨਾਂ ਪੱਧਰੀਆ ਕਰਕੇ ਫਸਲਾਂ ਬਿਜਾਈ ਲਈ ਖਾਦ ਅਤੇ ਬੀਜਾਂ ਦਾ ਪ੍ਰਬੰਧ ਕਰਨ ਲਈ ਹੋਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਹੋਇਆ ਜਿਲਾ ਪ੍ਰਧਾਨ ਬੋਹੜ ਸਿੰਘ ਰੁਪੱਈਆ ਵਾਲਾ ਨੇ ਕਿਹਾ ਕਿ ਸਰਕਾਰਾਂ ਤੇ 22$2 ਦੀ ਗਲਤੀ ਨਾਲ ਆਏ ਇਹਨਾਂ ਮੈਨ ਮੇਡ ਹੜ੍ਹਾਂ ਕਾਰਨ ਲੱਖਾਂ ਏਕੜ ਫਸਲ, ਅਣਗਿਣਤ ਪਸ਼ੂ ਧਨ , 50 ਤੋਂ ਵੱਧ ਅਣਮੁੱਲੀਆਂ ਮਨੁੱਖੀ ਜਾਨਾ ਚਲੀ ਗਈਆਂ ਹਨ ਅਤੇ ਕਿਸਾਨਾਂ, ਮਜ਼ਦੂਰਾਂ, ਛੋਟੇ ਦੁਕਾਨਦਾਰਾਂ ਦਾ ਇਹਨਾ ਹੜ੍ਹਾਂ ਕਾਰਨ ਆਰਥਿਕ ਤੌਰ ਤੇ ਲੱਕ ਟੁੱਟ ਗਿਆ ਹੈ, ਉਹਨਾਂ ਪੀੜਤ ਪਰਿਵਾਰਾਂ ਨਾਲ ਇਸ ਮੁਸ਼ਿਕਲ ਦੀ ਘੜੀ ਵਿੱਚ ਖੜਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕੈਂਪ ਲਗਾ ਕੇ ਜਰੂਰਤਮੰਦ ਲੋਕਾਂ ਤੱਕ ਸਮਾਨ ਪਹੁੰਚਦਾ ਕੀਤਾ ਜਾ ਰਿਹਾ ਹੈ। ਉਹਨਾਂ ਅੱਗੇ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਹੜ੍ਹਾਂ ਦੀ ਮਾਰ ਹੇਠ ਆਏ ਇਲਾਕਿਆਂ ਵਿੱਚ ਜਮੀਨਾਂ ਪੱਧਰ ਕਰਕੇ ਫਸਲਾਂ ਦੀ ਬਿਜਾਈ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਕਣਕ, ਖਾਦ ਆਦਿ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਉਹਨਾਂ ਅੱਗੇ ਗੱਲਬਾਤ ਕਰਦਿਆ ਹੋਇਆ ਕਿਹਾ ਕਿ ਜੋ ਪੰਜਾਬ ਸਰਕਾਰ ਵੱਲੋਂ 22$2 ਅਤੇ ਉਸ ਦੀ ਨਲਾਇਕੀ ਨਾਲ ਆਏ ਹੜ੍ਹਾਂ ਕਾਰਨ ਹੋਏ ਨੁਕਸਾਨ ਲਈ ਮੁਆਵਜੇ ਦਾ ਐਲਾਨ ਕੀਤਾ ਗਿਆ ਹੈ ਉਸ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਮੁੱਢ ਤੋਂ ਖਾਰਜ ਕਰਦਾ ਹੈ ਅਤੇ ਮੰਗ ਕਰਦਾ ਹੈ ਕਿ ਪੰਜਾਬ ਸਰਕਾਰ ਆਪਣਾ ਰਾਜ ਧਰਮ ਨਿਭਾਉਂਦੀ ਹੋਈ ਹੜ੍ਹਾਂ ਵਿੱਚ ਮਰੇ ਵਿਅਕਤੀਆਂ ਦੇ ਪਰਿਵਾਰ ਨੂੰ 25 ਲੱਖ ਰੁਪਏ ਮੁਆਵਜ਼ਾ, ਇੱਕ ਪਰਿਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ ਅਤੇ ਹੜ੍ਹਾਂ ਨਾਲ ਤਬਾਹ ਹੋਏ ਝੋਨੇ ਦਾ ਇੱਕ ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਅਤੇ ਇੱਕ ਲੱਖ ਰੁਪਏ ਪ੍ਰਤੀ ਏਕੜ ਖੇਤ ਨੂੰ ਪੱਧਰਾ ਕਰਨ ਅਤੇ ਆਉਣ ਵਾਲੀ ਕਣਕ ਦੀ ਫਸਲ ਦੇ ਰੂਪ ਵਿੱਚ ਵੱਖਰੇ ਤੌਰ ਤੇ ਮੁਆਵਜ਼ਾ, ਇੱਕ ਲੱਖ ਰੁਪਏ ਹੜ੍ਹਾਂ ਵਿੱਚ ਮਰੇ ਪਸ਼ੂਆਂ ਦਾ ਮੁਆਵਜਾ ਅਤੇ ਨੁਕਸਾਨੇ ਘਰਾਂ ਦਾ ਮੁਆਇਨਾ ਕਰਕੇ ਘਰਾ ਦੇ ਹੋਏ ਨੁਕਸਾਨ ਦੀ ਭਰਪਾਈ ਕਰੇ। ਇੰਦਰਜੀਤ ਸਿੰਘ ਘਣੀਆਂ ਨੇ ਅੱਗੇ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਸਰਕਾਰਾਂ ਵੱਲੋਂ ਸੁਪਰੀਮ ਕੋਰਟ ਅਤੇ ਗ੍ਰੀਨ ਟ੍ਰਿਬਿਊਨਲ ਦੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚ ਹੀ ਮਰਜ ਕਰਨ ਲਈ ਵਿੱਤੀ ਸਹਾਇਤਾ ਤੇ ਫਰੀ ਵਿੱਚ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਦਿੱਤੇ ਹੁਕਮਾਂ ਦੀ ਉਲੰਘਣਾ ਕਰਕੇ ਕਿਸਾਨਾਂ ਉੱਪਰ ਸੈਟਰਲਾਈਟ ਦੇ ਰਾਹੀਂ 5 ਮਿੰਟ ਵਿੱਚ ਹੀ ਪਰਾਲੀ ਸਾੜਨ ਦਾ ਜੁਰਮਾਨਾ ਅਤੇ ਪਰਚਾ ਤਾਂ ਦਰਜ ਕਰ ਦਿੱਤਾ ਜਾਂਦਾ ਹੈ ਪਰ ਉਹਨਾਂ ਹੀ ਸਰਕਾਰੀ ਸਾਈਟੇਲਾਈਟਾਂ ਨੂੰ ਨਾਂ ਤਾਂ ਕਿਸਾਨਾਂ ਦੀ ਪੁੱਤਾਂ ਵਾਂਗੂੰ ਪਾਲੀ ਹੋਈ ਕਣਕ ਦੀ ਫਸਲ ਅੱਗ ਵਿੱਚ ਜਲਦੀ ਦਿਖਾਈ ਦਿੰਦੀ ਹੈ ਅਤੇ ਨਾਂ ਹੀ ਹੁਣ ਸੈਟੇਲਾਈਟ ਨੂੰ ਸਰਕਾਰ ਅਤੇ 22$2 ਦੀ ਗਲਤੀ ਨਾਲ ਆਏ ਹੋਏ ਹੜ੍ਹਾਂ ਨਾਲ ਬਰਬਾਦ ਹੋਇਆ ਝੋਨਾਂ, ਹੜ੍ਹਾਂ ਦੇ ਪਾਣੀ ਵਿੱਚ ਰੁੜਕੇ ਜਾਂਦੀਆਂ ਲਾਸ਼ਾਂ, ਡੁੱਬ ਕੇ ਮਰਦਾ ਪਸ਼ੂ ਧਨ, ਹੜ੍ਹਾਂ ਦੇ ਪਾਣੀ ਨਾਲ ਡਿੱਗਦੇ ਮਕਾਨ ਅਤੇ ਨਾਂ ਹੀ ਘਰਾਂ ਦੀਆਂ ਛੱਤਾਂ ਉੱਪਰ ਭੁੱਖਣ ਭਾਣੇ ਬੈਠੇ ਲੋਕ ਦਿਖਾਈ ਦਿੱਤੇ ਹਨ ਜਿਸ ਤੋਂ ਸਿੱਧ ਹੁੰਦਾ ਹੈ ਕਿ ਇਹ ਸਰਕਾਰੀ ਸੈਟੇਲਾਈਟ ਸਿਰਫ ਸਰਕਾਰਾ ਦੀ ਸਹੂਲਤ ਦੇ ਅਨੁਸਾਰ ਉਸ ਸਮੇਂ ਹੀ ਚੱਲਦੇ ਹਨ ਜਦੋਂ ਕਿਸਾਨਾਂ ਨੂੰ ਇੱਕ ਦੋਸ਼ੀ ਦੇ ਤੌਰ ਤੇ ਸਰਕਾਰ ਨੇ ਪੇਸ਼ ਕਰਨਾ ਤੇ ਜੁਰਮਾਨੇ ਲਗਾਉਣੇ ਹੁੰਦੇ ਹਨ।

ਇਸ ਮੌਕੇ ਉਹਨਾਂ ਨਾਲ: ਇੰਦਰਜੀਤ ਸਿੰਘ ਘਣੀਆ ਜ਼ਿਲ੍ਹਾ ਜਨਰਲ ਸਕੱਤਰ, ਗੁਰਦਿੱਤਾ ਸਿੰਘ ਜਿਲ੍ਹਾ ਵਿੱਤ ਸਕੱਤਰ, ਤੇਜਾ ਸਿੰਘ ਪੱਕਾ ਬਲਾਕ ਪ੍ਰਧਾਨ ਫਰੀਦਕੋਟ, ਜਿੰਦਰ ਸਿੰਘ ਬਲਾਕ ਪ੍ਰਧਾਨ ਸਾਦਿਕ, ਸੁਖਚਰਨ ਸਿੰਘ ਬਲਾਕ ਪ੍ਰਧਾਨ ਗੋਲੇਵਾਲਾ, ਬਲਜਿੰਦਰ ਸਿੰਘ ਬਾੜਾ ਭਾਈਕਾ ਬਲਾਕ ਪ੍ਰਧਾਨ ਬਾਜਾਖਾਨਾ, ਸ਼ਿੰਦਰਪਾਲ ਸਿੰਘ ਬਲਾਕ ਪ੍ਰਧਾਨ ਜੈਤੋ, ਨੈਬ ਸਿੰਘ ਬਲਾਕ ਪ੍ਰਧਾਨ ਸਾਦਿਕ, ਬਲਾਕ ਕੋਟਕਪੂਰਾ ਤੋ ਕਮੇਟੀ ਮੈਂਬਰ ਨਿਰਮਲ ਸਿੰਘ ਢਿੱਲਵਾਂ, ਕਮੇਟੀ ਮੈਂਬਰ ਸੁਖਜੀਵਨ ਸਿੰਘ ਢਿੱਲਵਾਂ, ਯੂਥ ਆਗੂ ਜਤਿੰਦਰਜੀਤ ਸਿੰਘ ਆਦਿ ਕਿਸਾਨ ਆਗੂ ਹਾਜਰ ਸਨ।

# ?ਪਿੰਡ ਬੇਟੂ ਕਦੀਮ ਦੇ ਸਰਪੰਚ ਨੇ ਮੁੱਖ ਮੰਤਰੀ ਰਾਹਤ ਫੰਡ ਵਿੱਚ 50 ਹਜ਼ਾਰ ਰੁਪਏ ਦੀ ਰਾਸ਼ੀ ਲਈ ਵਿਧਾਇਕ ਰਜਨੀਸ਼ ਕੁਮਾਰ ਦਹੀਯਾ ਨੂੰ ਸੌਂਪਿਆ ਚੈੱਕ




**ਫਿਰੋਜ਼ਪੁਰ 20 ਸਤੰਬਰ ( ਸੁਖਮੰਦਰ ਸਿੰਘ ਸ਼ਾਂਤ)**-ਪਿੰਡ ਬੇਟੂ ਕਦੀਮ ਦੇ ਸਰਪੰਚ ਮੁਖਤਿਆਰ ਸਿੰਘ ਪੂਰੀ ਵੱਲੋਂ ਅੱਜ ਪੰਜਾਬ ਦੇ ਹੜ੍ਹ ਪੀੜਤਾਂ ਦੀ ਮੱਦਦ ਲਈ ਮੁੱਖ ਮੰਤਰੀ ਰਾਹਤ ਫੰਡ ਵਿੱਚ 50 ਹਜ਼ਾਰ ਰੁਪਏ ਦੀ ਰਾਸ਼ੀ ਦੇਣ ਲਈ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ਨੂੰ ਚੈੱਕ ਸੌਂਪਿਆ ਗਿਆ। ਇਸ ਮੌਕੇ ਸਰਪੰਚ ਮੁਖਤਿਆਰ ਸਿੰਘ ਪੂਰੀ ਨੇ ਪੰਚਾਇਤ ਮੈਂਬਰ ਕੁਲਦੀਪ ਧਵਨ, ਜਸਪਾਲ ਸਿੰਘ ਭੁੱਲਰ, ਰਾਜ ਸਿੰਘ, ਬੋਹੜ ਸਿੰਘ ਅਤੇ ਗੁਰਮੀਤ ਕੌਰ ਦਾ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਵਿਧਾਇਕ ਰਜਨੀਸ਼ ਦਹੀਯਾ ਨੇ ਪਿੰਡ ਦੀ ਪੰਚਾਇਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਹੜ੍ਹਾਂ ਦੀ ਕੁਦਰਤੀ ਮਾਰ ਪਈ ਹੈ, ਜਿਸ ਨਾਲ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ। ਅਜਿਹੀ ਹਾਲਤ ਵਿੱਚ ਸਾਡਾ ਸਭਨਾਂ ਦਾ ਫਰਜ਼ ਬਣਦਾ ਹੈ ਕਿ ਇਨ੍ਹਾਂ ਹੜ੍ਹ ਪੀੜਤਾਂ ਦੀ ਬਾਂਹ ਫੜੀ ਜਾਵੇ ਤਾਂ ਜੋ ਉਹ ਮੁੜ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ੍ਹ ਉਨਾਂ ਹੋਰਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਮੁੱਖ ਮੰਤਰੀ ਰਾਹਤ ਫੰਡ ਵਿੱਚ ਆਪਣਾ ਯੋਗਦਾਨ ਪਾਉਣ ਤਾਂ ਜੋ ਵੱਧ ਤੋਂ ਵੱਧ ਹੜ ਪੀੜਤਾਂ ਦੀ ਮਦਦ ਹੋ ਸਕੇ੍ਹ ਉਨ੍ਹਾਂ ਕਿਹਾ ਕਿ ਲੋਕ https://rangla.punjab.gov.in ਤੇ ਜਾਕੇ ਮੁੱਖ ਮੰਤਰੀ ਰਾਹਤ ਫੰਡ ਵਿੱਚ ਹੜ ਪੀੜਤਾਂ ਦੇ ਮੁੜ ਵਸੇਬੇ ਲਈ ਆਪਣਾ ਯੋਗਦਾਨ ਪਾ ਸਕਦੇ ਹਨ੍ਹ ਇਸ ਮੌਕੇ ਜ਼ਿਲ੍ਹਾ ਕੁਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਹਰਜਿੰਦਰ ਸਿੰਘ ਸਰਾਂ, ਸਾਬਕਾ ਸਰਪੰਚ ਇੰਦਰਪਾਲ ਸਿੰਘ ਪੰਮਾ, ਸਾਹਿਲ ਪੂਰੀ ਵੀ ਹਜ਼ਾਰ ਸਨ।

# ਡਾ. ਭੀਮ ਰਾਓ ਅੰਬੇਦਕਰ ਜੀ ਦਾ 135 ਵਾਂ ਜਨਮਦਿਨ ਐਸ.ਸੀ./ਬੀ.ਸੀ. ਮੁਲਾਜ਼ਮ ਵੈਲਫੇਅਰ ਫੈਡਰੇਸ਼ਨ ਪਾਵਰਕਾਮ ਰਜਿ. ਸਰਕਲ ਖੰਨਾ ਕਮੇਟੀ ਵੱਲੋਂ ਅਪ੍ਰੈਲ 2026 ਵਿਚ ਮਨਾਇਆ ਜਾਵੇਗਾ



**ਖੰਨਾ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਇੰਜੀ: ਹਰਜਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਐਸ ਸੀ/ਬੀ ਸੀ ਮੁਲਾਜ਼ਮ ਵੈਲਫੇਅਰ ਫੈਡਰੇਸ਼ਨ ਪਾਵਰਕਾਮ (ਰਜਿ:) ਪੰਜਾਬ ਅਤੇ ਸ਼੍ਰੀ ਹਰਮੇਸ਼ ਸਿੰਘ (ਹੈਰੀ) ਸਰਕਲ ਪ੍ਰਧਾਨ ਖੰਨਾ ਨੇ ਸਾਝੇ ਤੌਰ ਤੇ ਦੱਸਿਆ ਕਿ ਅੱਜ ਐਸ ਸੀ/ਬੀ ਸੀ ਮੁਲਾਜ਼ਮ ਵੈਲਫੇਅਰ ਫੈਡਰੇਸ਼ਨ ਪਾਵਰਕਾਮ (ਰਜਿ:) ਸਰਕਲ ਖੰਨਾ ਦੇ ਸਮੂਹ ਮੈਂਬਰਾਂ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜੋ 135ਵਾਂ ਜਨਮਦਿਨ ਬਿਜਲੀ ਬੋਰਡ ਸਰਕਲ ਖੰਨਾ ਕਮੇਟੀ ਵੱਲੋਂ ਮਿਤੀ 07.09.2025 ਨੂੰ ਮਨਾਇਆ ਜਾ ਰਿਹਾ ਸੀ, ਉਸਨੂੰ ਪੰਜਾਬ ਵਿੱਚ ਆਏ ਹੜਾਂ ਕਾਰਨ ਮੁਲਤਵੀ ਕਰ ਦਿੱਤਾ ਗਿਆ ਸੀ। ਅੱਜ ਮਿਤੀ 20.09.205 ਨੂੰ ਹੋਈ ਸਰਕਲ ਕਮੇਟੀ ਦੀ ਹੋਈ ਮੀਟਿੰਗ ਵਿੱਚ ਪਹੁੰਚੇ ਮੈਂਬਰ ਸਾਹਿਬਾਨਾਂ ਵੱਲੋਂ ਸਰਵਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਬਾਬਾ ਸਾਹਿਬ ਜੀ ਦਾ ਜਨਮਦਿਨ ਮਹੀਨਾ ਅਪ੍ਰੈਲ 2026 ਵਿੱਚ ਮਨਾਇਆ ਜਾਵੇਗਾ। ਇਸ ਮੌਕੇ ਸਰਵ ਸ਼੍ਰੀ ਮੱਘਰ ਸਿੰਘ ਕੋਟਲਾ, ਲਖਵਿੰਦਰ ਸਿੰਘ ਭੜੀ, ਰੰਜੀਵ ਕੁਮਾਰ, ਭਾਗ ਸਿੰਘ ਸਰਹਿੰਦ, ਸੁਲਤਾਨ ਸਿੰਘ, ਗੁਰਦੀਪ ਸਿੰਘ ਰੋਜ਼ੀ, ਸੰਜੀਵ ਕੁਮਾਰ, ਇੰਦਰਜੀਤ ਸਿੰਘ, ਹਰਪ੍ਰੀਤ ਸਿੰਘ ਤੁਰਮਰੀ, ਸੁਪਿੰਦਰ ਸਿੰਘ, ਧਰਮਰਾਜ, ਹਰਦੀਪ ਸਿੰਘ, ਪਦਮ ਸ਼ਾਹੀ ਹਰਪ੍ਰੀਤ ਸਿੰਘ ਮੀਆਣੀ, ਜਸਵੰਤ ਸਿੰਘ ਅਤੇ ਹਰਪ੍ਰੀਤ ਸਿੰਘ ਬੀਜਾ ਹਾਜ਼ਰ ਸਨ। ਸਰਕਲ ਪ੍ਰਧਾਨ ਹਰਮੇਸ਼ ਸਿੰਘ ਵਲੋਂ ਪਹੁੰਚੇ ਸਾਰੇ ਅਹੁਦੇਦਾਰ/ਮੈਂਬਰ ਸਾਹਿਬਾਨਾਂ ਦਾ ਧੰਨਵਾਦ ਕੀਤਾ ਗਿਆ।

# ਸਿਆਸੀ ਪਾਰਟੀਆਂ ਪਰਵਾਸੀਆਂ ਦਾ ਪੰਜਾਬ ਵਿੱਚ ਵਸੇਬਾ ਕਰਵਾਉਣ ਲਈ ਜ਼ਿੰਮੇਵਾਰ: ਜਥੇਦਾਰ ਹਵਾਰਾ ਕਮੇਟੀ

ਅੰਮ੍ਰਿਤਸਰ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)–ਜਥੇਦਾਰ ਹਵਾਰਾ ਕਮੇਟੀ ਨੇ ਦੋਸ਼ ਲਗਾਇਆ ਕਿ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੇ ਆਪਣੇ ਵੋਟ ਬੈਂਕ ਦੀ ਖਾਤਰ ਪਰਵਾਸੀਆਂ ਦੀ ਸੂਬੇ ਵਿੱਚ ਵੱਡੀ ਆਮਦ ਨੂੰ ਨਿਯਮਤ ਕਰਨ ਲਈ ਕੋਈ ਕਾਨੂੰਨ ਨਹੀਂ ਬਣਾਇਆ ਜਿਸ ਕਾਰਨ ਅੱਜ ਪਰਵਾਸੀ ਸਮੱਸਿਆ ਨਾਲ ਪੰਜਾਬ ਵਾਸੀ ਜੂਝ ਰਹੇ ਹਨ। ਕਮੇਟੀ ਆਗੂ ਪ੍ਰੋ ਬਲਜਿੰਦਰ ਸਿੰਘ, ਬਾਪੂ ਗੁਰਚਰਨ ਸਿੰਘ ਅਤੇ ਮਹਾਬੀਰ ਸਿੰਘ ਸੁਲਤਾਨਵਿੰਡ ਨੇ ਕਿਹਾ ਕਿ ਭਾਜਪਾ ਅਤੇ ਹੋਰ ਪਾਰਟੀਆਂ ਪਰਵਾਸੀਆਂ ਦੇ ਮੁੱਦੇ ਦਾ ਨਸਲੀ ਧਰੁਵੀਕਰਨ 2027 ਦੀ ਵਿਧਾਨ ਸਭਾ ਚੋਣਾਂ ਵਿੱਚ ਕਰ ਸਕਦੀਆਂ ਹਨ। ਉਨ੍ਹਾਂ ਖੁਲਾਸਾ ਕੀਤਾ ਕਿ ਮਹਾਰਾਸ਼ਟਰ, ਤਾਮਿਲਨਾਡੂ ਅਤੇ ਹੋਰ ਸੂਬਿਆਂ ਵਿੱਚ ਬਿਹਾਰ ਤੇ ਯੂਪੀ ਤੋਂ ਮਾਈਗਰੈਂਟ ਜਾਂਦੇ ਹਨ ਪਰ ਉੱਥੇ ਦੇ ਨਿਵਾਸੀ ਨਹੀਂ ਬਣਦੇ। ਪਰ ਪੰਜਾਬ ਵਿੱਚ ਲੱਖਾਂ ਪਰਵਾਸੀਆਂ ਦੇ ਪੱਕੇ ਨਿਵਾਸ ਨਾਲ ਸੂਬੇ ਦੀ ਅਬਾਦੀ ਦੇ ਢਾਂਚੇ ਜੋ ਤਬਦੀਲੀ ਹੋ ਰਹੀ ਹੈ ਉਸ ਨਾਲ ਸਿੱਖ ਪੰਜਾਬ ਵਿੱਚ ਘੱਟ ਗਿਣਤੀ ਵਿੱਚ ਹੋ ਜਾਣਗੇ। ਇਸਦੇ ਨਾਲ ਜਿੱਥੇ ਸਿਆਸੀ ਸਮੀਕਰਨ ਬਦਲਣਗੇ ਉੱਥੇ ਪੰਜਾਬ ਦਾ ਮੁਢਲਾ ਸਰੂਪ ਵੀ ਖਤਮ ਹੋ ਜਾਵੇਗਾ। ਪਰਵਾਸੀਆਂ ਦੀ ਆਮਦ ਕਾਰਨ ਸਾਡੀ ਬੋਲੀ, ਸਭਿਆਚਾਰ ਅਤੇ ਰੋਜ਼ਗਾਰ ਦੇ ਮੌਕਿਆਂ ਤੇ ਵੀ ਅਸਰ ਪਿਆ ਹੈ। ਹਵਾਰਾ ਕਮੇਟੀ ਨੇ ਕਿਹਾ ਜੱਦ ਤੱਕ ਪਰਵਾਸੀ ਪੰਜਾਬ ਵਿੱਚ ਕਾਮੇ ਬਣਕੇ ਆਉਂਦੇ ਰਹੇ ਤੱਦ ਤੱਕ ਸਮੱਸਿਆ ਗੰਭੀਰ ਨਹੀਂ ਸੀ ਪਰ ਜਦੋਂ ਕਾਮਿਆਂ ਦੀ ਆੜ ਵਿੱਚ ਜਰਾਇਮ ਪੇਸ਼ਾ ਲੋਕ ਵੀ ਆ ਗਏ ਉਸ ਨਾਲ ਪੰਜਾਬ ਵਿੱਚ ਅਪਰਾਧਾਂ ਅਤੇ ਨਸ਼ਿਆਂ ਦੀ ਘਟਨਾਵਾਂ ਵਿੱਚ ਵਾਧਾ ਹੋ ਗਿਆ। ਬਾਦਲ ਸਰਕਾਰ ਨੇ ਤਾਂ ਆਪਣੇ ਸਿਆਸੀ ਹਿੱਤਾਂ ਦੀ ਖ਼ਾਤਰ 'ਪਰਵਾਸੀ ਭਲਾਈ ਬੋਰਡ' ਦੀ ਸਥਾਪਨਾ ਵੀ ਕੀਤੀ ਸੀ। ਕਮੇਟੀ ਆਗੂਆਂ ਨੇ ਪੰਜਾਬ ਵਾਸੀਆਂ ਨੂੰ ਸੁਚੇਤ ਕੀਤਾ ਕਿ ਪਿਛਲੇ ਸਮੇਂ ਦੌਰਾਨ ਜੱਦ ਵੀ ਸੁਬੇ ਦੇ ਹਿੱਤਾਂ ਲਈ ਕੋਈ ਅਵਾਜ਼ ਉਠਾਈ ਜਾਂਦੀ ਰਹੀ ਹੈ ਤਾਂ ਦਿੱਲੀ ਵਲੋਂ ਇਸਨੂੰ ਫਿਰਕੂ ਜਾਂ ਦੇਸ਼ ਵਿਰੋਧੀ ਰੰਗਤ ਦੇ ਕੇ ਸਿੱਖਾਂ ਨੂੰ ਬਦਨਾਮ ਕੀਤਾ ਜਾਂਦਾ ਰਿਹਾ ਹੈ। ਗੋਦੀ ਮੀਡੀਆ ਮੁੱਦੇ ਨੂੰ ਸਿਆਸੀ ਰੰਗਤ ਦੇਣ ਵਿੱਚ ਨਿਪੁੰਨ ਹੈ ਇਸ ਲਈ ਪਰਵਾਸੀਆਂ ਦੇ ਮੁੱਦੇ ਨੂੰ ਵਿਰੋਧੀਆਂ ਵੱਲੋਂ ਫਿਰਕੂ ਦਿਸ਼ਾ ਦੇਣ ਅਤੇ ਫਸਾਦ ਦੀਆਂ ਸੰਭਾਵਨਾਵਾਂ ਤੋਂ ਰੋਕਣਾ ਸਾਡਾ ਫਰਜ਼ ਹੈ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਡਾ ਸੁਖਦੇਵ ਸਿੰਘ ਬਾਬਾ, ਬਲਦੇਵ ਸਿੰਘ ਨਵਾਂ ਪਿੰਡ, ਰਘਬੀਰ ਸਿੰਘ ਭੁੱਚਰ ਅਤੇ ਐਡਵੋਕੇਟ ਜਸਬੀਰ ਸਿੰਘ ਜੰਮੂ ਸ਼ਾਮਲ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243